Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ
# ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA · ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes (MDF/Acrylic/Folding)
- Shagun Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 78 Chief Editor : Chowdhary Prabhjit Singh, Editor : Chhatarpal Singh 98146-32807, Tuesday 8 September 2026 Price : 2 Rs. Page : 6

## ਅੰਮ੍ਰਿਤਸਰ ਵਿੱਚ ਸਰਹੱਦ ਪਾਰੋਂ ਤਸਕਰੀ ਵਾਲੇ ਮਾਡਿਊਲ ਨਾਲ ਸਬੰਧਤ ਦੋ ਮੁਲਜ਼ਮ 15 ਪਿਸਤੌਲਾਂ ਅਤੇ 5 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ

**➤ ਗ੍ਰਿਫ਼ਤਾਰ ਮੁਲਜ਼ਮ ਵਿਦੇਸ਼ ਅਧਾਰਤ ਹੈਂਡਲਰਾਂ ਦੇ ਸੰਪਰਕ ਵਿੱਚ ਸਨ: ਡੀਜੀਪੀ ਗੌਰਵ ਯਾਦਵ ➤ ਮੁਲਜ਼ਮ ਇਲਾਕੇ ਵਿੱਚ ਹਥਿਆਰਾਂ ਅਤੇ ਨਸ਼ਿਆਂ ਦੀ ਸਪਲਾਈ ਕਰਨ ਵਿੱਚ ਸ਼ਾਮਲ ਸਨ: ਆਈਜੀਪੀ ਬਾਰਡਰ ਰੇਂਜ ਗੁਰਪ੍ਰੀਤ ਭੁੱਲਰ**



**ਅੰਮ੍ਰਿਤਸਰ, 7 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚਲਾਈ ਜਾਰੀ ਮੁਹਿੰਮ ਦੌਰਾਨ ਵੱਡੀ ਸਫ਼ਲਤਾ ਹਾਸਲ ਕਰਦਿਆਂ ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਅਤੇ ਨਾਜਾਇਜ਼ ਹਥਿਆਰਾਂ ਦੀ ਤਸਕਰੀ ਵਾਲੇ ਮਾਡਿਊਲ ਦਾ ਪਰਦਾਫਾਸ਼ ਕਰਕੇ ਦੋ ਵਿਅਕਤੀਆਂ ਨੂੰ 15 ਪਿਸਤੌਲਾਂ ਅਤੇ 5 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਹੈ। ਇਹ ਜਾਣਕਾਰੀ ਅੱਜ ਇਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਗ੍ਰਿਫ਼ਤਾਰ ਮੁਲਜ਼ਮਾਂ ਦੀ ਪਛਾਣ ਦੀਪਕ ਸਿੰਘ, ਵਾਸੀ ਰੋੜਾਂਵਾਲਾ ਖੁਰਦ ਅਤੇ ਸ਼ੁਭਪ੍ਰੀਤ ਸਿੰਘ ਉਰਫ਼ ਸ਼ੁਭ, ਵਾਸੀ ਵੇਰਕਾ-ਮਜੀਠਾ ਬਾਈਪਾਸ, ਅੰਮ੍ਰਿਤਸਰ ਵਜੋਂ ਹੋਈ ਹੈ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਉਕਤ ਮੁਲਜ਼ਮ ਕਥਿਤ ਤੌਰ ’ਤੇ ਵਿਦੇਸ਼ ਅਧਾਰਤ ਹੈਂਡਲਰਾਂ ਦੇ ਸੰਪਰਕ ਵਿੱਚ ਸਨ ਅਤੇ ਆਪਣੇ ਹੈਂਡਲਰਾਂ ਦੇ ਨਿਰਦੇਸ਼ਾਂ ਅਨੁਸਾਰ ਨਾਜਾਇਜ਼ ਹਥਿਆਰਾਂ ਅਤੇ ਨਸ਼ਿਆਂ ਦੀਆਂ ਖੇਪਾਂ ਪ੍ਰਾਪਤ ਕਰਕੇ ਅੱਗੇ ਸਪਲਾਈ ਕਰ ਰਹੇ ਸਨ। ਡੀਜੀਪੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਸ਼ਾਮਲ ਹੋਰ ਵਿਅਕਤੀਆਂ ਦੀ ਪਛਾਣ ਅਤੇ ਨਾਜਾਇਜ਼ ਹਥਿਆਰਾਂ ਤੇ ਨਸ਼ਾ ਤਸਕਰੀ ਦੇ ਵਿਆਪਕ ਨੈੱਟਵਰਕ ਦੇ ਖ਼ਾਤਮੇ ਲਈ ਅਗਲੇਰੀ ਜਾਂਚ ਜਾਰੀ ਹੈ।

ਕਾਰਵਾਈ ਦੇ ਵੇਰਵੇ ਸਾਂਝੇ ਕਰਦਿਆਂ ਇੰਸਪੈਕਟਰ ਜਨਰਲ ਆਫ਼ ਪੁਲਿਸ (ਆਈਜੀਪੀ) ਬਾਰਡਰ ਰੇਂਜ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਥਾਣਾ ਘਰਿੰਡਾ ਦੀਆਂ ਟੀਮਾਂ ਨੂੰ ਠੋਸ ਸੂਚਨਾ ਮਿਲੀ ਸੀ ਕਿ ਦੋ ਸ਼ੱਕੀ ਵਿਅਕਤੀ, ਜੋ ਨਾਜਾਇਜ਼ ਪਿਸਤੌਲਾਂ ਅਤੇ ਹੈਰੋਇਨ ਦੀ ਤਸਕਰੀ ਕਰਦੇ ਹਨ, ਅਟਾਰੀ ਖੇਤਰ ਵਿੱਚ ਘੁੰਮ ਰਹੇ ਹਨ।

ਇਸ ਸੂਚਨਾ ’ਤੇ ਤੁਰੰਤ ਕਾਰਵਾਈ ਕਰਦਿਆਂ ਪੁਲਿਸ ਪਾਰਟੀ ਨੇ ਅਟਾਰੀ-ਝਬਾਲ ਰੋਡ ’ਤੇ ਸਥਿਤ ਧੁੱਸੀ ਬੰਨ੍ਹ ਟੀ-ਪੁਆਇੰਟ ’ਤੇ ਨਾਕਾ ਲਗਾਇਆ ਅਤੇ ਐਕਟਿਵਾ ਸਕੂਟਰ ’ਤੇ ਸਵਾਰ ਦੋ ਸ਼ੱਕੀ ਵਿਅਕਤੀਆਂ ਨੂੰ ਰੋਕਿਆ। ਆਈਜੀਪੀ ਨੇ ਦੱਸਿਆ ਕਿ ਐਕਟਿਵਾ ਸਵਾਰ ਸ਼ੁਭਪ੍ਰੀਤ ਸਿੰਘ ਅਤੇ ਪਿੱਛੇ ਬੈਠੇ ਦੀਪਕ ਸਿੰਘ ਦੀ ਤਲਾਸ਼ੀ ਲੈਣ ’ਤੇ ਉਨ੍ਹਾਂ ਕੋਲੋਂ 15 ਪਿਸਤੌਲਾਂ ਅਤੇ 5 ਕਿਲੋ ਹੈਰੋਇਨ ਦੀ ਖੇਪ ਬਰਾਮਦ ਹੋਈ।

ਸੀਨੀਅਰ ਸੁਪਰਡੈਂਟ ਆਫ਼ ਪੁਲਿਸ (ਐਸਐਸਪੀ) ਅੰਮ੍ਰਿਤਸਰ ਦਿਹਾਤੀ ਕੰਵਲਪ੍ਰੀਤ ਸਿੰਘ ਚਾਹਲ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਦੋਵਾਂ ਮੁਲਜ਼ਮਾਂ ਤੋਂ ਪੁੱਛਗਿੱਛ ਦੇ ਆਧਾਰ ’ਤੇ ਇਸ ਮਾਡਿਊਲ ਵਿੱਚ ਸ਼ਾਮਲ ਦੋ ਹੋਰ ਮੁਲਜ਼ਮਾਂ ਦੀ ਪਛਾਣ ਕਰ ਲਈ ਗਈ ਹੈ ਅਤੇ ਉਨ੍ਹਾਂ ਨੂੰ ਕਾਬੂ ਕਰਨ ਲਈ ਛਾਪੇਮਾਰੀ ਜਾਰੀ ਹੈ। ਇਸ ਸਬੰਧੀ ਥਾਣਾ ਘਰਿੰਡਾ, ਅੰਮ੍ਰਿਤਸਰ ਦਿਹਾਤੀ ਵਿਖੇ ਐਨ.ਡੀ.ਪੀ.ਐਸ. ਐਕਟ ਦੀਆਂ ਧਾਰਾਵਾਂ 21, 25 ਤੇ 29 ਅਤੇ ਅਸਲਾ ਐਕਟ ਦੀ ਧਾਰਾ 25(8) ਤਹਿਤ ਐਫ.ਆਈ.ਆਰ. ਨੰਬਰ 388 ਮਿਤੀ 06.09.2026 ਦਰਜ ਕੀਤੀ ਗਈ ਹੈ।

## ਮੁੱਖ ਮੰਤਰੀ ਮਾਨ ਅਤੇ ਕੇਜਰੀਵਾਲ ਵੱਲੋਂ ਜੇਲ੍ਹ ’ਚ ਮੰਤਰੀ ਸੰਜੀਵ ਅਰੋੜਾ ਨਾਲ ਮੁਲਾਕਾਤ

**ਚੰਡੀਗੜ੍ਹ, 5 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਅਰਵਿੰਦ ਕੇਜਰੀਵਾਲ ਸੋਮਵਾਰ ਨੂੰ ਗੁਰੂਗ੍ਰਾਮ ਦੀ ਭੋਂਡਸੀ ਜ਼ਿਲ੍ਹਾ ਜੇਲ੍ਹ ਵਿੱਚ ਬੰਦ ਆਪਣੀ ਸਰਕਾਰ ਦੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੂੰ ਮਿਲਣ ਲਈ ਪੁੱਜੇ। ਚੱਲ ਰਹੇ ਰਾਜਨੀਤਿਕ ਅਤੇ ਕਾਨੂੰਨੀ ਵਿਕਾਸ ਦੇ ਵਿਚਕਾਰ, ਪੰਜਾਬ ਦੇ ਮੁੱਖ ਮੰਤਰੀ ਵੱਲੋਂ ਕੀਤੀ ਗਈ ਇਹ ਮੁਲਾਕਾਤ ਬਹੁਤ ਮਹੱਤਵਪੂਰਨ ਮੰਨੀ ਜਾ ਰਹੀ ਹੈ। ਭਗਵੰਤ ਮਾਨ ਦਿੱਲੀ ਦੇ ਕਪੂਰਥਲਾ ਹਾਊਸ ਤੋਂ ਆਪਣੇ ਵਿਸ਼ੇਸ਼ ਕਾਫ਼ਲੇ ਨਾਲ ਦੁਪਹਿਰ 2:00 ਵਜੇ ਦੇ ਕਰੀਬ ਗੁਰੂਗ੍ਰਾਮ ਪਹੁੰਚੇ ਅਤੇ ਜੇਲ੍ਹ ਪ੍ਰਸ਼ਾਸਨ ਦੀ ਇਜਾਜ਼ਤ ਨਾਲ ਮੰਤਰੀ ਸੰਜੀਵ ਅਰੋੜਾ ਨੂੰ ਮਿਲਣ ਤੋਂ ਬਾਅਦ 2:40 ਵਜੇ ਰਵਾਨਾ ਹੋ ਗਏ।

ਪੁਲੀਸ ਵੱਲੋਂ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਗਏ ਸਨ। ਯਾਦ ਰਹੇ ਕਿ ਤਿੰਨ ਮਹੀਨੇ ਪਹਿਲਾਂ 23 ਮਈ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ‘ਆਪ’ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਵੀ ਭੋਂਡਸੀ ਜੇਲ੍ਹ ਦਾ ਅਚਨਚੇਤ ਦੌਰਾ ਕੀਤਾ ਸੀ। ਉਸ ਫੇਰੀ ਦੌਰਾਨ, ਦੋਵਾਂ ਸੀਨੀਅਰ ਨੇਤਾਵਾਂ ਨੇ ਜੇਲ੍ਹ ਦੇ ਅੰਦਰ ਇੱਕ ਬੰਦ ਕਮਰੇ ਵਿੱਚ ਲਗਪਗ 20 ਮਿੰਟ ਤੱਕ ਸੰਜੀਵ ਅਰੋੜਾ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਪਾਰਟੀ ਉਨ੍ਹਾਂ ਦੀ ਕਾਨੂੰਨੀ ਲੜਾਈ ਵਿੱਚ ਉਨ੍ਹਾਂ ਦੇ ਨਾਲ ਮਜ਼ਬੂਤੀ ਨਾਲ ਖੜ੍ਹੀ ਹੈ। ਇੱਕ ਜੇਲ੍ਹ ਅਧਿਕਾਰੀ ਨੇ ਕਿਹਾ, ਅੱਜ, ਤਿੰਨ ਮਹੀਨੇ ਬਾਅਦ, ਮੁੱਖ ਮੰਤਰੀ ਮਾਨ ਨੇ ਇੱਕ ਵਾਰ ਫਿਰ ਜੇਲ੍ਹ ਦੇ ਅੰਦਰ ਲਗਪਗ 40 ਮਿੰਟ ਤੱਕ ਮੰਤਰੀ ਅਰੋੜਾ ਨਾਲ ਮੁਲਾਕਾਤ ਕੀਤੀ। ਇਹ ਵੀ ਧਿਆਨ ਦੇਣ ਯੋਗ ਹੈ ਕਿ ਪੰਜਾਬ ਸਰਕਾਰ ਵਿੱਚ ਮੰਤਰੀ ਸੰਜੀਵ ਅਰੋੜਾ ਨੂੰ ਇਸ ਸਾਲ 9 ਮਈ ਨੂੰ ਮਨੀ ਲਾਂਡਰਿੰਗ ਅਤੇ 100 ਕਰੋੜ ਰੁਪਏ ਦੇ ਫਰਜ਼ੀ ਜੀ.ਐਸ.ਟੀ. ਬਿਲਿੰਗ ਘੁਟਾਲੇ ਦੇ ਦੋਸ਼ਾਂ ਤਹਿਤ ਚੰਡੀਗੜ੍ਹ ਸਥਿਤ ਉਨ੍ਹਾਂ ਦੀ ਸਰਕਾਰੀ ਰਿਹਾਇਸ਼ ਤੋਂ ਐਨਫੋਰਸਮੈਂਟ ਡਾਇਰੈਕਟੋਰੇਟ (ਈ.ਡੀ.) ਵੱਲੋਂ ਗ੍ਰਿਫ਼ਤਾਰ ਕੀਤਾ ਗਿਆ ਸੀ।

ਉਨ੍ਹਾਂ ਦੀ ਗ੍ਰਿਫ਼ਤਾਰੀ ਤੋਂ ਬਾਅਦ, ਅਦਾਲਤ ਨੇ ਉਨ੍ਹਾਂ ਨੂੰ ਭੋਂਡਸੀ ਜੇਲ੍ਹ ਵਿੱਚ ਨਿਆਂਇਕ ਹਿਰਾਸਤ ਵਿੱਚ ਭੇਜ ਦਿੱਤਾ। ਹਾਲਾਂਕਿ ਉਨ੍ਹਾਂ ਦੇ ਮਹਿਕਮੇ ਦੂਜੇ ਮੰਤਰੀਆਂ ਨੂੰ ਸੌਂਪ ਦਿੱਤੇ ਗਏ ਹਨ, ਪਰ ਉਹ ਮਾਨ ਕੈਬਨਿਟ ਵਿੱਚ ਮੰਤਰੀ ਬਣੇ ਹੋਏ ਹਨ।

## ਪੰਜਾਬ ਸਰਕਾਰ ਨਾਲ ਸਹਿਮਤੀ ਤੋਂ ਬਾਅਦ ਕਿਸਾਨਾਂ ਦਾ ਧਰਨਾ ਸਮਾਪਤ



**ਚੰਡੀਗੜ੍ਹ 5 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਅਤੇ ਸੰਯੁਕਤ ਕਿਸਾਨ ਮੋਰਚੇ ਵਿਚਾਲੇ ਬਣੀ ਸਹਿਮਤੀ ਮਗਰੋਂ ਚੰਡੀਗੜ੍ਹ ਦੀ ਸਰਹੱਦ ’ਤੇ ਪਿਛਲੇ ਸੱਤ ਦਿਨਾਂ ਤੋਂ ਚੱਲ ਰਿਹਾ ਕਿਸਾਨਾਂ ਦਾ ਧਰਨਾ ਅੱਜ ਅਧਿਕਾਰਤ ਤੌਰ ’ਤੇ ਸਮਾਪਤ ਹੋ ਗਿਆ ਹੈ।

ਪੰਜਾਬ ਦੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਖ਼ੁਦ ਧਰਨੇ ਵਾਲੇ ਸਥਾਨ ’ਤੇ ਪਹੁੰਚ ਕੇ ਕਿਸਾਨ ਆਗੂਆਂ ਨੂੰ ਪੰਜਾਬ ਸਰਕਾਰ ਦਾ ਪ੍ਰਵਾਨਗੀ ਪੱਤਰ ਸੌਂਪਿਆ ਅਤੇ ਸਟੇਜ ਤੋਂ ਸਰਕਾਰ ਨਾਲ ਸਬੰਧਤ ਸਾਰੀਆਂ ਮੰਗਾਂ ਨੂੰ ਪ੍ਰਵਾਨ ਕਰਨ ਦਾ ਐਲਾਨ ਕੀਤਾ।

ਇਸ ਮੌਕੇ ਖੇਤੀਬਾੜੀ ਮੰਤਰੀ ਨੇ ਵੱਡਾ ਐਲਾਨ ਕਰਦਿਆਂ ਕਿਹਾ ਕਿ ਪੰਜਾਬ ਦੇ ਪਾਣੀਆਂ ਦੇ ਸਮਝੌਤਿਆਂ ਨੂੰ ਰੱਦ ਕਰਨ ਲਈ ਸੂਬਾ ਸਰਕਾਰ ਇਸੇ ਮਹੀਨੇ ਵਿਧਾਨ ਸਭਾ ਦਾ ਵਿਸ਼ੇਸ਼ ਇਜਲਾਸ ਸੱਦੇਗੀ। ਸਰਕਾਰ ਵੱਲੋਂ ਮੰਗਾਂ ਮੰਨੇ ਜਾਣ ਅਤੇ ਸਹਿਮਤੀ ਪੱਤਰ ਮਿਲਣ ਤੋਂ ਬਾਅਦ ਸੰਯੁਕਤ ਕਿਸਾਨ ਮੋਰਚੇ ਦੇ ਸਮੁੱਚੇ ਆਗੂਆਂ ਅਤੇ ਧਰਨੇ ਵਿੱਚ ਸ਼ਾਮਲ ਹਜ਼ਾਰਾਂ ਕਿਸਾਨਾਂ ਨੇ ਰਾਹਤ ਦਾ ਸਾਹ ਲਿਆ ਹੈ ਅਤੇ ਹੁਣ ਉਹ ਆਪੋ-ਆਪਣੇ ਘਰਾਂ ਨੂੰ ਰਵਾਨਾ ਹੋ ਗਏ ਹਨ।

## ਸਚਿਨ ਪਾਇਲਟ ਦੀ ਨਿਯੁਕਤੀ ਨਾਲ ਪੰਜਾਬ ਕਾਂਗਰਸ ’ਚ ਨਵੀਂ ਰਫ਼ਤਾਰ ਦੀ ਉਮੀਦ: ਆਗੂ

**ਚੰਡੀਗੜ੍ਹ, 5 ਸਤੰਬਰ**
**-ਜੀ. ਐਸ. ਤੁੰਗ-**

ਸਾਲ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਸਚਿਨ ਪਾਇਲਟ ਨੂੰ ਪੰਜਾਬ ਕਾਂਗਰਸ ਦਾ ਇੰਚਾਰਜ ਨਿਯੁਕਤ ਕੀਤੇ ਜਾਣ ਨਾਲ ਪਾਰਟੀ ਕਾਡਰ ਵਿੱਚ ਨਵਾਂ ਉਤਸ਼ਾਹ ਅਤੇ ਜੋਸ਼ ਭਰਨ ਦੀ ਉਮੀਦ ਹੈ ਅਤੇ ਇਸ ਨਾਲ ਧੜੇਬੰਦੀ ਦਾ ਸ਼ਿਕਾਰ ਹੋਈ ਸੂਬਾ ਇਕਾਈ ਨੂੰ ਇਕਜੁੱਟ ਕਰਨ ਵਿੱਚ ਮਦਦ ਮਿਲੇਗੀ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਸੋਮਵਾਰ ਨੂੰ ਪਾਰਟੀ ਵਰਕਰਾਂ ਅਤੇ ਆਗੂਆਂ ਨੇ ਕੀਤਾ।

ਪਾਰਟੀ ਆਗੂਆਂ ਦਾ ਮੰਨਣਾ ਹੈ ਕਿ ਪਾਇਲਟ ਨੂੰ ਪਾਰਟੀ ਨੇਤਾ ਰਾਹੁਲ ਗਾਂਧੀ ਦਾ ਕਰੀਬੀ ਮੰਨਿਆ ਜਾਂਦਾ ਹੈ, ਇਸ ਲਈ ਉਨ੍ਹਾਂ ਦੀ ਨਿਯੁਕਤੀ



ਕਾਂਗਰਸ ਦੀ ਚੋਣ ਮੁਹਿੰਮ ਨੂੰ ਨਵੀਂ ਰਫ਼ਤਾਰ ਵੀ ਪ੍ਰਦਾਨ ਕਰੇਗੀ। ਪਾਰਟੀ ਦੀ ਨਜ਼ਰ ਅਗਲੇ ਸਾਲ ਦੇ ਸ਼ੁਰੂ ਵਿੱਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਜਿੱਤ ’ਤੇ ਹੈ।

ਕਾਂਗਰਸ ਨੇ ਸ਼ਨਿੱਚਰਵਾਰ ਨੂੰ ਇੱਕ ਵੱਡਾ ਸੰਗਠਨਾਤਮਕ ਫੇਰਬਦਲ ਕਰਦਿਆਂ ਸਚਿਨ ਪਾਇਲਟ ਨੂੰ ਪੰਜਾਬ ਦਾ ਜਨਰਲ ਸਕੱਤਰ ਇੰਚਾਰਜ ਨਿਯੁਕਤ ਕੀਤਾ ਹੈ ਅਤੇ ਭੂਪੇਸ਼ ਬਘੇਲ ਦੀ ਜਗ੍ਹਾ ਉਨ੍ਹਾਂ ਨੂੰ ਇਹ ਜ਼ਿੰਮੇਵਾਰੀ ਸੌਂਪੀ ਹੈ।

ਪਾਇਲਟ ਹੁਣ ਤੱਕ ਛੱਤੀਸਗੜ੍ਹ ਦੇ ਇੰਚਾਰਜ ਸਨ, ਜਿੱਥੋਂ ਭੂਪੇਸ਼ ਬਘੇਲ ਇੱਕ ਪ੍ਰਮੁੱਖ ਨੇਤਾ ਅਤੇ ਸਾਬਕਾ ਮੁੱਖ ਮੰਤਰੀ ਹਨ। ਪਾਇਲਟ ਲਈ ਤੁਰੰਤ ਚੁਣੌਤੀ ਪੰਜਾਬ ਕਾਂਗਰਸ ਵਿੱਚ ਸਭ ਕੁੱਝ ਠੀਕ ਕਰਨਾ ਹੋਵੇਗਾ, ਜੋ ਪਿਛਲੇ ਕਈ ਹਫ਼ਤਿਆਂ ਤੋਂ ਧੜੇਬੰਦੀ ਅਤੇ ਅੰਦਰੂਨੀ ਕਲੇਸ਼ ਨਾਲ ਜੂਝ ਰਹੀ ਹੈ।

ਇਹ ਆਪਸੀ ਕਲੇਸ਼ 1 ਜੁਲਾਈ ਨੂੰ ਕਾਂਗਰਸ ਹਾਈਕਮਾਂਡ ਵੱਲੋਂ ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ ਸੂਬਾ ਇਕਾਈ ਦੇ ਮੁਖੀ ਵਜੋਂ ਬਰਕਰਾਰ ਰੱਖਣ ਅਤੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੂੰ ਪਾਰਟੀ ਦੀ ਚੋਣ ਪ੍ਰਚਾਰ ਕਮੇਟੀ ਦਾ ਚੇਅਰਮੈਨ ਨਿਯੁਕਤ ਕਰਨ ਦੇ ਫ਼ੈਸਲੇ ਤੋਂ ਬਾਅਦ ਸ਼ੁਰੂ ਹੋਇਆ ਸੀ।

ਚੰਨੀ ਦੀ ਅਗਵਾਈ ਹੇਠਲੇ ਕੁਝ ਆਗੂਆਂ ਨੇ ਪੰਜਾਬ ਕਾਂਗਰਸ ਪ੍ਰਧਾਨ ਵਜੋਂ ਵੜਿੰਗ ਨੂੰ ਬਣਾਏ ਰੱਖਣ ਦੇ ਕਦਮ ਦਾ ਵਿਰੋਧ ਕੀਤਾ ਅਤੇ ਉਨ੍ਹਾਂ ਨੂੰ ਇਸ ਅਹੁਦੇ ਤੋਂ ਹਟਾਉਣ ਦੀ ਮੰਗ ਕੀਤੀ। ਚੰਨੀ ਦੇ ਸਮਰਥਕਾਂ ਨੇ ਖੁੱਲ੍ਹ ਕੇ ਪੰਜਾਬ ਕਾਂਗਰਸ ਪ੍ਰਧਾਨ ਦੇ ਅਹੁਦੇ ਤੋਂ ਵੜਿੰਗ ਨੂੰ ਹਟਾਉਣ ਅਤੇ ਜਲੰਧਰ ਦੇ ਸੰਸਦ ਮੈਂਬਰ ਨੂੰ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਪਾਰਟੀ ਦਾ ਮੁੱਖ ਮੰਤਰੀ ਅਹੁਦੇ ਦਾ ਚਿਹਰਾ ਐਲਾਨਣ ਦੀ ਮੰਗ ਕੀਤੀ।

ਬਘੇਲ ਦੇ ਹਾਲ ਹੀ ਦੇ ਪੰਜਾਬ ਦੌਰੇ ਧੜੇਬੰਦੀ ਨੂੰ ਖ਼ਤਮ ਕਰਨ ਵਿੱਚ ਅਸਫ਼ਲ ਰਹੇ, ਜਦੋਂ ਕਿ ਚੰਨੀ ਦੇ ਸਮਰਥਕਾਂ ਨੇ ਉਨ੍ਹਾਂ ’ਤੇ ਵੜਿੰਗ ਦਾ ਪੱਖ ਲੈਣ ਦਾ ਦੋਸ਼ ਵੀ ਲਾਇਆ ਸੀ। ਪੰਜਾਬ ਕਾਂਗਰਸ ਦੇ ਕਾਰਜਕਾਰੀ ਪ੍ਰਧਾਨ ਰਾਜ ਕੁਮਾਰ ਵੇਰਕਾ ਨੇ ਪਾਰਟੀ ਹਾਈਕਮਾਂਡ ਦੇ ਪਾਇਲਟ ਨੂੰ ਸੂਬੇ ਦੇ ਜਨਰਲ ਸਕੱਤਰ ਇੰਚਾਰਜ ਦੀ ਜ਼ਿੰਮੇਵਾਰੀ ਸੌਂਪਣ ਦੇ ਫ਼ੈਸਲੇ ਦੀ ਸ਼ਲਾਘਾ ਕਰਦਿਆਂ ਉਮੀਦ ਪ੍ਰਗਟਾਈ ਕਿ ਹੁਣ ਸਾਰੇ ਆਗੂ ਇਕੱਠੇ ਹੋ ਜਾਣਗੇ।

ਵੇਰਕਾ ਨੇ ਕਿਹਾ, ਪੰਜਾਬ ਦੇ ਸਾਰੇ ਆਗੂ ਪਾਇਲਟ ਨੂੰ ਜਾਣਦੇ ਹਨ ਅਤੇ ਉਨ੍ਹਾਂ ਨੂੰ ਉਨ੍ਹਾਂ ਵਿੱਚ ਵਿਸ਼ਵਾਸ ਵੀ ਹੈ। ਉਨ੍ਹਾਂ ਕਿਹਾ ਕਿ ਪਾਇਲਟ ਦੀ ਨਿਯੁਕਤੀ ਨਾਲ ਪਾਰਟੀ ਦੀ ਸੂਬਾ ਇਕਾਈ ਇੱਕੋ ਪਲੇਟਫਾਰਮ ’ਤੇ ਆ ਜਾਵੇਗੀ। ਉਨ੍ਹਾਂ ਕਿਹਾ, ਸਾਰੇ (ਆਗੂ) ਇੱਕਜੁਟ ਹੋ ਜਾਣਗੇ।

ਪਾਰਟੀ ਦੇ ਇੱਕ ਹੋਰ ਆਗੂ ਨੇ ਪਾਇਲਟ ਦੀ ਨਿਯੁਕਤੀ ’ਤੇ ਟਿੱਪਣੀ ਕਰਦਿਆਂ ਕਿਹਾ ਕਿ ਇਹ ਸੂਬੇ ਦੀ ਲੀਡਰਸ਼ਿਪ ਨਾਲ ਜੁੜੇ ਮੁੱਦਿਆਂ ਨੂੰ ਹੱਲ ਕਰਨ ਵੱਲ ਪਾਰਟੀ ਹਾਈਕਮਾਂਡ ਦਾ ਕਦਮ ਜਾਪਦਾ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਸੂਬੇ ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਪਾਰਟੀ ਕਾਡਰ ਵਿੱਚ ਵੀ ਉਤਸ਼ਾਹ ਪੈਦਾ ਹੋਵੇਗਾ।

ਪਾਰਟੀ ਦੇ ਕਈ ਸੂਬਾ ਆਗੂਆਂ ਨੇ ਪਾਇਲਟ ਦੀ ਨਿਯੁਕਤੀ ਦਾ ਸਵਾਗਤ ਕੀਤਾ। ਉੱਥੇ ਹੀ ਵੜਿੰਗ ਨੇ ਕਿਹਾ ਕਿ ਪਾਇਲਟ ਦੀ ਊਰਜਾ ਅਤੇ ਗਤੀਸ਼ੀਲਤਾ ਯਕੀਨੀ ਤੌਰ ’ਤੇ ਅਹਿਮ ਚੋਣਾਂ ਤੋਂ ਪਹਿਲਾਂ ਪਾਰਟੀ ਦੇ ਜੋਸ਼ ਵਿੱਚ ਵਾਧਾ ਕਰੇਗੀ, ਜਦੋਂ ਕਿ ਗੁਰਦਾਸਪੁਰ ਤੋਂ ਸੰਸਦ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ ਨੇ ਕਿਹਾ ਕਿ ਪਾਇਲਟ ਦਾ ਤਜ਼ਰਬਾ, ਅਗਵਾਈ ਅਤੇ ਲੋਕਾਂ ਨਾਲ ਜੁੜਾਅ ਪੰਜਾਬ ਵਿੱਚ ਕਾਂਗਰਸ ਨੂੰ ਨਵੀਂ ਤਾਕਤ ਅਤੇ ਰਫ਼ਤਾਰ ਦੇਵੇਗਾ।

ਚੰਡੀਗੜ੍ਹ ਵਿੱਚ ਪੰਜਾਬ ਯੂਨੀਵਰਸਿਟੀ ਦੇ ਰਾਜਨੀਤੀ ਸ਼ਾਸਤਰ ਦੇ ਪ੍ਰੋਫ਼ੈਸਰ ਆਸ਼ੂਤੋਸ਼ ਕੁਮਾਰ ਨੇ ਕਿਹਾ ਕਿ ਪਾਇਲਟ ਨੂੰ ਪੰਜਾਬ ਦਾ ਇੰਚਾਰਜ ਨਿਯੁਕਤ ਕਰਨਾ ਇੱਕ ਸਹੀ ਫ਼ੈਸਲਾ ਹੈ। ਉਨ੍ਹਾਂ ਕਿਹਾ, ਪਾਇਲਟ ਨੂੰ ਪਾਰਟੀ ਦੀ ਹਾਈ ਕਮਾਂਡ ਦਾ ਪੂਰਾ ਵਿਸ਼ਵਾਸ ਹਾਸਲ ਹੈ। ਉਹ ਚੋਣ ਮੁਹਿੰਮ ਵਿੱਚ ਵੀ ਮੁੱਖ ਭੂਮਿਕਾ ਨਿਭਾਉਣਗੇ।

## ਐਸਐਸਪੀ ਪਟਿਆਲਾ ਹਰਮਨਦੀਪ ਸਿੰਘ ਹੰਸ ਵੱਲੋਂ ਜ਼ਿਲ੍ਹਾ ਪੁਲਿਸ ਅਧਿਕਾਰੀਆਂ ਨਾਲ ਪਲੇਠੀ ਬੈਠਕ



**ਪਟਿਆਲਾ, 5 ਸਤੰਬਰ**
**-ਛਤਰਪਾਲ ਸਿੰਘ-**

ਪਟਿਆਲਾ ਦੇ ਨਵੇਂ ਆਏ ਐਸਐਸਪੀ ਹਰਮਨਦੀਪ ਸਿੰਘ ਹੰਸ ਨੇ ਅੱਜ ਜ਼ਿਲ੍ਹਾ ਪੁਲਿਸ ਦੇ ਸਾਰੇ ਐਸਪੀਜ਼, ਡੀਐਸਪੀਜ਼, ਐਸਐਚਓਜ਼ ਅਤੇ ਹੋਰ ਬ੍ਰਾਂਚ ਇੰਚਾਰਜਾਂ ਨਾਲ ਆਪਣੀ ਪਹਿਲੀ ਮੀਟਿੰਗ ਕਰਕੇ ਅਪਰਾਧ ਅਤੇ ਕਾਨੂੰਨ ਵਿਵਸਥਾ ਦੀ ਸਥਿਤੀ, ਲੰਬਿਤ ਮਾਮਲਿਆਂ, ਜਾਂਚ, ਟ੍ਰੈਫਿਕ ਪ੍ਰਬੰਧਨ ਅਤੇ ਹੋਰ ਮੁੱਖ ਪੁਲਿਸਿੰਗ ਮੁੱਦਿਆਂ ਦਾ ਜਾਇਜ਼ਾ ਲਿਆ।

ਜ਼ਿਲ੍ਹੇ ਦੀ ਅਪਰਾਧ ਸਥਿਤੀ ਦੀ ਸਮੀਖਿਆ ਕਰਦੇ ਹੋਏ, ਐਸਐਸਪੀ ਹੰਸ ਨੇ ਅਧਿਕਾਰੀਆਂ ਨੂੰ ਜਾਂਚ ’ਤੇ ਨੇੜਿਓਂ ਨਜ਼ਰ ਰੱਖਣ, ਲੰਬਿਤ ਮਾਮਲਿਆਂ ਦਾ ਸਮੇਂ ਸਿਰ ਨਿਪਟਾਰਾ ਯਕੀਨੀ ਬਣਾਉਣ ਅਤੇ ਅਪਰਾਧੀਆਂ, ਆਦਤਨ ਅਪਰਾਧੀਆਂ ਅਤੇ ਸਮਾਜ ਵਿਰੋਧੀ ਤੱਤਾਂ ਵਿਰੁੱਧ ਤੇਜ਼ ਅਤੇ ਸਖ਼ਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਪ੍ਰਭਾਵਸ਼ਾਲੀ ਅਪਰਾਧ ਰੋਕਥਾਮ ਅਤੇ ਖੋਜ ਲਈ ਪੁਲਿਸ ਇਕਾਈਆਂ ਵਿਚਕਾਰ ਸਰਗਰਮ ਪੁਲਿਸਿੰਗ ਅਤੇ ਬਿਹਤਰ ਤਾਲਮੇਲ ’ਤੇ ਜ਼ੋਰ ਦਿੱਤਾ।

ਪੰਜਾਬ ਸਰਕਾਰ ਦੀ ’ਯੁੱਧ ਨਸ਼ਿਆ ਵਿਰੁੱਧ’ ਮੁਹਿੰਮ ਨੂੰ ਤਰਜੀਹ ਦਿੰਦੇ ਹੋਏ, ਐਸਐਸਪੀ ਨੇ ਅਧਿਕਾਰੀਆਂ ਨੂੰ ਨਸ਼ਾ ਤਸਕਰਾਂ ਵਿਰੁੱਧ ਕਾਰਵਾਈ ਤੇਜ਼ ਕਰਨ, ਨਸ਼ੀਲੇ ਪਦਾਰਥਾਂ ਦੇ ਨੈੱਟਵਰਕ ਨੂੰ ਖਤਮ ਕਰਨ ਅਤੇ ਗੈਰ-ਕਾਨੂੰਨੀ ਨਸ਼ੀਲੇ ਪਦਾਰਥਾਂ ਦੇ ਵਪਾਰ ਵਿੱਚ ਸ਼ਾਮਲ ਲੋਕਾਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

ਗੈਂਗਸਟਰ ਵਿਰੋਧੀ ਮੁਹਿੰਮ ਬਾਰੇ, ਉਨ੍ਹਾਂ ਪੁਲਿਸ ਅਧਿਕਾਰੀਆਂ ਨੂੰ ਗੈਂਗਸਟਰ ਨੈੱਟਵਰਕਾਂ ਅਤੇ ਉਨ੍ਹਾਂ ਦੇ ਸਹਿਯੋਗੀਆਂ ਦੀ ਪਛਾਣ ਕਰਨ ਅਤੇ ਉਨ੍ਹਾਂ ਦੀ ਨਿਗਰਾਨੀ ਕਰਨ ਅਤੇ ਜਬਰੀ ਵਸੂਲੀ, ਗੈਰ-ਕਾਨੂੰਨੀ ਹਥਿਆਰਾਂ ਅਤੇ ਡਰਾਉਣ-ਧਮਕਾਉਣ ਸਮੇਤ ਸੰਗਠਿਤ ਅਪਰਾਧ ਵਿਰੁੱਧ ਤਾਲਮੇਲ ਵਾਲੀ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ।

ਹਰਮਨਦੀਪ ਸਿੰਘ ਹੰਸ ਨੇ ਟ੍ਰੈਫਿਕ ਪ੍ਰਬੰਧਨ ਦੀ ਵੀ ਸਮੀਖਿਆ ਕੀਤੀ, ਅਧਿਕਾਰੀਆਂ ਨੂੰ ਨਿਰਵਿਘਨ ਟ੍ਰੈਫਿਕ ਪ੍ਰਵਾਹ ਨੂੰ ਯਕੀਨੀ ਬਣਾਉਣ, ਟ੍ਰੈਫਿਕ ਨਿਯਮਾਂ ਨੂੰ ਲਾਗੂ ਕਰਨ ਅਤੇ ਖਤਰਨਾਕ ਡਰਾਈਵਿੰਗ, ਗਲਤ ਪਾਰਕਿੰਗ ਅਤੇ ਹੋਰ ਉਲੰਘਣਾਵਾਂ ਵਿਰੁੱਧ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਹਾਦਸਿਆਂ ਦੀ ਰੋਕਥਾਮ ’ਤੇ ਵਿਸ਼ੇਸ਼ ਧਿਆਨ ਦੇਣ ‘ਤੇ ਵੀ ਜ਼ੋਰ ਦਿੱਤਾ।

ਐਸਐਸਪੀ ਹੰਸ ਨੇ ਕਿਹਾ ਕਿ ਜ਼ਿਲ੍ਹਾ ਪੁਲਿਸ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਡੀਜੀਪੀ ਪੰਜਾਬ ਗੌਰਵ ਯਾਦਵ ਦੇ ਨਿਰਦੇਸ਼ਾਂ ਅਨੁਸਾਰ ਕੰਮ ਕਰਦੇ ਹੋਏ ਪਟਿਆਲਾ ਦੇ ਲੋਕਾਂ ਨੂੰ ਇੱਕ ਸੁਰੱਖਿਅਤ, ਜਵਾਬਦੇਹ ਪੁਲਿਸਿੰਗ ਵਾਤਾਵਰਣ ਪ੍ਰਦਾਨ ਲਈ ਵਚਨਬੱਧ ਹੈ। ਐਸਐਸਪੀ ਹੰਸ ਨੇ ਨਾਗਰਿਕ-ਕੇਂਦ੍ਰਿਤ ਪੁਲਿਸਿੰਗ ’ਤੇ ਜ਼ੋਰ ਦਿੰਦਿਆਂ, ਅਧਿਕਾਰੀਆਂ ਨੂੰ ਸ਼ਿਕਾਇਤਾਂ ਦਾ ਤੁਰੰਤ ਨਿਪਟਾਰਾ ਕਰਨ, ਜਨਤਾ ਨਾਲ ਨਜ਼ਦੀਕੀ ਸੰਪਰਕ ਬਣਾਈ ਰੱਖਣ ਅਤੇ ਪੀੜਤਾਂ ਨੂੰ ਨਿਰਪੱਖ ਅਤੇ ਸਮਾਂਬੱਧ ਢੰਗ ਨਾਲ ਨਿਆਂ ਯਕੀਨੀ ਬਣਾਉਣ ਲਈ ਨਿਰਦੇਸ਼ ਦਿੱਤੇ। ਉਨ੍ਹਾਂ ਸ਼ਿਕਾਇਤਕਰਤਾਵਾਂ ਅਤੇ ਪੀੜਤਾਂ ਨਾਲ ਨਜਿੱਠਣ ਵੇਲੇ ਸੰਵੇਦਨਸ਼ੀਲਤਾ ਅਤੇ ਪੇਸ਼ੇਵਰਤਾ ਅਪਣਾਉਣ ਦੀ ਵੀ ਹਦਾਇਤ ਕੀਤੀ।

ਐਸ ਐਸ ਪੀ ਨੇ ਕਿਹਾ ਕਿ ਕਾਨੂੰਨ ਵਿਵਸਥਾ ਬਣਾਈ ਰੱਖਣਾ, ਅਪਰਾਧ ਨੂੰ ਰੋਕਣਾ, ਨਸ਼ਿਆਂ ਅਤੇ ਗੈਂਗਸਟਰਾਂ ਦਾ ਮੁਕਾਬਲਾ ਕਰਨਾ, ਟ੍ਰੈਫਿਕ ਪ੍ਰਬੰਧਨ ਵਿੱਚ ਸੁਧਾਰ ਕਰਨਾ ਅਤੇ ਨਾਗਰਿਕਾਂ ਨੂੰ ਨਿਆਂ ਯਕੀਨੀ ਬਣਾਉਣਾ ਪਟਿਆਲਾ ਪੁਲਿਸ ਦੀਆਂ ਮੁੱਖ ਤਰਜੀਹਾਂ ਰਹਿਣਗੀਆਂ।

## ਵਿਧਾਇਕ ਕੋਹਲੀ ਤੇ ਮੇਅਰ ਗੋਗੀਆ ਨੇ ਪਟਿਆਲਾ ਤੋਂ ਖੇਡਾਂ ਵਤਨ ਪੰਜਾਬ ਦੀਆਂ ਦੇ ਚੌਥੇ ਸੀਜ਼ਨ ਦੀ ਕੀਤੀ ਸ਼ਾਨਦਾਰ ਸ਼ੁਰੂਆਤ



**ਪਟਿਆਲਾ, 5 ਸਤੰਬਰ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਸੂਬੇ ਦੇ ਨੌਜਵਾਨਾਂ ਅਤੇ ਬੱਚਿਆਂ ਨੂੰ ਖੇਡਾਂ ਨਾਲ ਜੋੜਨ ਅਤੇ ਪੰਜਾਬ ਦੀ ਖੇਡ ਪ੍ਰਤਿਭਾ ਨੂੰ ਉਭਾਰਨ ਲਈ ਕਰਵਾਈਆਂ ਜਾ ਰਹੀਆਂ ‘ਖੇਡਾਂ ਵਤਨ ਪੰਜਾਬ ਦੀਆਂ’ ਦੇ ਚੌਥੇ ਸੀਜ਼ਨ ਦੀ ਪਟਿਆਲਾ ਤੋਂ ਸ਼ਾਨਦਾਰ ਸ਼ੁਰੂਆਤ ਪਟਿਆਲਾ ਦੇ ਵਿਧਾਇਕ ਸ੍ਰ. ਅਜੀਤਪਾਲ ਸਿੰਘ ਕੋਹਲੀ ਨੇ ਕੀਤੀ।ਇਸ ਮੌਕੇ ਪਟਿਆਲਾ ਦੇ ਮੇਅਰ ਸ੍ਰ. ਕੁੰਦਨ ਗੋਗੀਆ ਵੀ ਵਿਸ਼ੇਸ਼ ਤੌਰ ’ਤੇ ਮੌਜੂਦ ਸਨ।

ਵਿਧਾਇਕ ਸ੍ਰ. ਅਜੀਤਪਾਲ ਸਿੰਘ ਕੋਹਲੀ ਨੇ ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਖੇਡਾਂ ਅਤੇ ਖਿਡਾਰੀਆਂ ਨੂੰ ਉਤਸ਼ਾਹਿਤ ਕਰਨ ਲਈ ਵਿਸ਼ੇਸ਼ ਤਵੱਜੋ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਪਹਿਲੀ ਵਾਰ ਹੈ ਕਿ ਖੇਡਾਂ ਨੂੰ ਲੈ ਕੇ ਸਰਕਾਰ ਵੱਲੋਂ ਇੰਨੇ ਵੱਡੇ ਪੱਧਰ ’ਤੇ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ ਅਤੇ ਪਿੰਡਾਂ ਤੋਂ ਲੈ ਕੇ ਸ਼ਹਿਰਾਂ ਤੱਕ ਨੌਜਵਾਨਾਂ ਨੂੰ ਖੇਡ ਮੈਦਾਨਾਂ ਨਾਲ ਜੋੜਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।

ਵਿਧਾਇਕ ਕੋਹਲੀ ਨੇ ਕਿਹਾ ਕਿ ਪੰਜਾਬ ਦੀ ਧਰਤੀ ਨੇ ਦੇਸ਼ ਅਤੇ ਦੁਨੀਆ ਨੂੰ ਵੱਡੀ ਗਿਣਤੀ ਵਿੱਚ ਨਾਮਵਰ ਖਿਡਾਰੀ ਦਿੱਤੇ ਹਨ। ਪੰਜਾਬ ਦੇ ਨੌਜਵਾਨਾਂ ਵਿੱਚ ਖੇਡਾਂ ਪ੍ਰਤੀ ਪਹਿਲਾਂ ਹੀ ਬਹੁਤ ਉਤਸ਼ਾਹ ਹੈ, ਲੋੜ ਸਿਰਫ਼ ਉਨ੍ਹਾਂ ਨੂੰ ਢੁੱਕਵਾਂ ਮੰਚ, ਸਹੂਲਤਾਂ ਅਤੇ ਮੌਕੇ ਪ੍ਰਦਾਨ ਕਰਨ ਦੀ ਹੈ। ਉਨ੍ਹਾਂ ਕਿਹਾ ਕਿ ‘ਖੇਡਾਂ ਵਤਨ ਪੰਜਾਬ ਦੀਆਂ’ ਵਰਗੇ ਵੱਡੇ ਖੇਡ ਸਮਾਗਮ ਨੌਜਵਾਨਾਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਲਈ ਇੱਕ ਵਧੀਆ ਪਲੇਟਫਾਰਮ ਮੁਹੱਈਆ ਕਰਵਾ ਰਹੇ ਹਨ।

ਉਨ੍ਹਾਂ ਕਿਹਾ ਕਿ ਖੇਡਾਂ ਸਿਰਫ਼ ਸਰੀਰਕ ਤੰਦਰੁਸਤੀ ਲਈ ਹੀ ਜ਼ਰੂਰੀ ਨਹੀਂ ਹਨ, ਸਗੋਂ ਇਹ ਨੌਜਵਾਨਾਂ ਦੀ ਸ਼ਖ਼ਸੀਅਤ ਦੇ ਨਿਰਮਾਣ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਖੇਡਾਂ ਬੱਚਿਆਂ ਅਤੇ ਨੌਜਵਾਨਾਂ ਨੂੰ ਨਸ਼ਿਆਂ, ਮਾੜੀਆਂ ਆਦਤਾਂ ਅਤੇ ਹੋਰ ਸਮਾਜਿਕ ਬੁਰਾਈਆਂ ਤੋਂ ਦੂਰ ਰੱਖਣ ਦਾ ਸਭ ਤੋਂ ਪ੍ਰਭਾਵਸ਼ਾਲੀ ਸਾਧਨ ਹਨ। ਜਿਹੜਾ ਨੌਜਵਾਨ ਖੇਡ ਮੈਦਾਨ ਨਾਲ ਜੁੜਿਆ ਹੁੰਦਾ ਹੈ, ਉਹ ਅਨੁਸ਼ਾਸਨ, ਮਿਹਨਤ, ਸਬਰ ਅਤੇ ਟੀਮ ਭਾਵਨਾ ਵਰਗੇ ਗੁਣ ਸਿੱਖਦਾ ਹੈ।

ਸ੍ਰ. ਕੋਹਲੀ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਬੱਚਿਆਂ ਅਤੇ ਨੌਜਵਾਨਾਂ ਨੂੰ ਸਿਹਤਮੰਦ ਅਤੇ ਸਕਾਰਾਤਮਕ ਗਤੀਵਿਧੀਆਂ ਨਾਲ ਜੋੜਨਾ ਸਮੇਂ ਦੀ ਵੱਡੀ ਲੋੜ ਹੈ। ਖੇਡਾਂ ਉਨ੍ਹਾਂ ਨੂੰ ਆਪਣੇ ਟੀਚੇ ਪ੍ਰਤੀ ਕੇਂਦਰਿਤ ਰਹਿਣ ਅਤੇ ਜ਼ਿੰਦਗੀ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦੇ ਅਜਿਹੇ ਉਪਰਾਲਿਆਂ ਨਾਲ ਨੌਜਵਾਨਾਂ ਵਿੱਚ ਖੇਡਾਂ ਪ੍ਰਤੀ ਨਵਾਂ ਜੋਸ਼ ਪੈਦਾ ਹੋ ਰਿਹਾ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਪੰਜਾਬ ਵਿੱਚੋਂ ਹੋਰ ਵੀ ਬਿਹਤਰ ਖਿਡਾਰੀ ਉਭਰ ਕੇ ਸਾਹਮਣੇ ਆਉਣਗੇ।

ਮੇਅਰ ਸ੍ਰੀ ਕੁੰਦਨ ਗੋਗੀਆ ਨੇ ਕਿਹਾ ਕਿ ਪਟਿਆਲਾ ਦਾ ਖੇਡਾਂ ਨਾਲ ਪੁਰਾਣਾ ਨਾਤਾ ਹੈ। ਪਟਿਆਲਾ ਨੇ ਦੇਸ਼ ਨੂੰ ਕਈ ਨਾਮਵਰ ਖਿਡਾਰੀ ਦਿੱਤੇ ਹਨ ਅਤੇ ਇਹ ਸ਼ਹਿਰ ਹਮੇਸ਼ਾ ਹੀ ਖੇਡ ਗਤੀਵਿਧੀਆਂ ਦਾ ਕੇਂਦਰ ਰਿਹਾ ਹੈ। ਉਨ੍ਹਾਂ ਕਿਹਾ ਕਿ ਪਟਿਆਲਾ ਤੋਂ ‘ਖੇਡਾਂ ਵਤਨ ਪੰਜਾਬ ਦੀਆਂ’ ਦੇ ਚੌਥੇ ਸੀਜ਼ਨ ਦੀ ਸ਼ੁਰੂਆਤ ਹੋਣਾ ਸ਼ਹਿਰ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਨੇ ਵੀ ਖਿਡਾਰੀਆਂ ਦਾ ਹੌਸਲਾ ਵਧਾਇਆ ਅਤੇ ਪੰਜਾਬ ਸਰਕਾਰ ਵੱਲੋਂ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਖੇਡਾਂ ਨਾਲ ਜੁੜੀ ਨੌਜਵਾਨ ਪੀੜ੍ਹੀ ਹੀ ਤੰਦਰੁਸਤ ਅਤੇ ਮਜ਼ਬੂਤ ਸਮਾਜ ਦੀ ਨੀਂਹ ਬਣ ਸਕਦੀ ਹੈ। ਇਸ ਮੌਕੇ ਜਿਲ੍ਹਾ ਖੇਡ ਅਫਸਰ ਨਵਜੋਤ ਧਾਲੀਵਾਲ, ਐਮ.ਸੀ. ਹਰਮਨ ਸੰਧੂ, ਜਸਬੀਰ ਸਿੰਘ ਬਿੱਟੂ, ਜੋਹਨੀ ਕੋਹਲੀ, ਸਾਗਰ ਧਾਲੀਵਾਲ, ਦੇਵਿੰਦਰ ਪਾਲ ਸਿੰਘ ਮਿੱਕੀ ਤੋਂ ਇਲਾਵਾ ਹੋਰ ਪਤਵੰਤੇ, ਸਮਾਜ ਸੇਵੀ, ਖੇਡ ਪ੍ਰੇਮੀ ਅਤੇ ਵੱਡੀ ਗਿਣਤੀ ਵਿੱਚ ਨੌਜਵਾਨ ਵੀ ਮੌਜੂਦ ਸਨ।




## ਜਨ ਸੁਰੱਖਿਆ ਨਾਲ ਕੋਈ ਸਮਝੌਤਾ ਨਹੀਂ: ਪੰਜਾਬ ਵਿੱਚ ਸਾਰੀਆਂ ਸਰਕਾਰੀ ਇਮਾਰਤਾਂ, ਪੁਲਾਂ ਅਤੇ ਕਲਵਰਟਾਂ ਦੇ ਸਟ੍ਰਕਚਰਲ ਆਡਿਟ ਦੇ ਹੁਕਮ - ਹਰਭਜਨ ਸਿੰਘ ਈ.ਟੀ.ਓ.

**ਚੰਡੀਗੜ੍ਹ, 7 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਵਿਭਾਗ ਦੇ ਅਧਿਕਾਰੀਆਂ ਨੂੰ ਸੂਬੇ ਭਰ ਵਿੱਚ ਲੋਕ ਨਿਰਮਾਣ ਵਿਭਾਗ ਦੇ ਅਧਿਕਾਰ ਖੇਤਰ ਅਧੀਨ ਆਉਂਦੀਆਂ ਸਾਰੀਆਂ ਸਰਕਾਰੀ ਇਮਾਰਤਾਂ, ਪੁਲਾਂ, ਕਲਵਰਟਾਂ ਅਤੇ ਹੋਰ ਬ੍ਰਿਜ ਸਟ੍ਰਕਚਰਜ਼ ਦੀ ਸੁਰੱਖਿਆ ਜਾਂਚ (ਸਟ੍ਰਕਚਰਲ ਆਡਿਟ) ਕਰਵਾਉਣ ਲਈ ਹੁਕਮ ਜਾਰੀ ਕੀਤੇ ਹਨ।

ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਦੀ ਸੁਰੱਖਿਆ ਅਤੇ ਭਲਾਈ ਨੂੰ ਸਭ ਤੋਂ ਵੱਧ ਤਰਜੀਹ ਦਿੰਦੀ ਹੈ। ਸਰਕਾਰ ਦਾ ਉਦੇਸ਼ ਜਨਤਕ ਬੁਨਿਆਦੀ ਢਾਂਚੇ ਦੀ ਮਜ਼ਬੂਤੀ, ਸੁਰੱਖਿਆ ਅਤੇ ਸਮੇਂ ਸਿਰ ਰੱਖ-ਰਖਾਅ ਨੂੰ ਯਕੀਨੀ ਬਣਾਉਣਾ ਹੈ ਤਾਂ ਜੋ ਲੋਕਾਂ ਨੂੰ ਸੁਰੱਖਿਅਤ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਸਕਣ।

ਸ. ਹਰਭਜਨ ਸਿੰਘ ਈ.ਟੀ.ਓ. ਨੇ ਹਦਾਇਤ ਕੀਤੀ ਕਿ ਸਾਰੀਆਂ ਸਰਕਾਰੀ ਇਮਾਰਤਾਂ ਦੀ ਸਬੰਧਤ ਫੀਲਡ ਅਧਿਕਾਰੀਆਂ ਰਾਹੀਂ ਜਾਂਚ ਕਰਵਾ ਕੇ ਉਨ੍ਹਾਂ ਦੀ ਸਟ੍ਰਕਚਰਲ ਸਥਿਤੀ ਦਾ ਵਿਸਥਾਰਤ ਮੁਲਾਂਕਣ ਕੀਤਾ ਜਾਵੇ। ਜਾਂਚ ਦੌਰਾਨ ਸਾਹਮਣੇ ਆਉਣ ਵਾਲੀਆਂ ਖਾਮੀਆਂ, ਨੁਕਸਾਂ ਜਾਂ ਕਮਜ਼ੋਰੀਆਂ ਨੂੰ ਤੁਰੰਤ ਦੂਰ ਕਰਨ ਲਈ ਲੋੜੀਂਦੇ ਰੋਕਥਾਮੀ ਕਦਮ, ਮੁਰੰਮਤ ਜਾਂ ਰਿਹੈਬਿਲਿਟੇਸ਼ਨ ਦੇ ਕੰਮ ਪਹਿਲ ਦੇ ਆਧਾਰ ’ਤੇ ਕਰਵਾਏ ਜਾਣ।

ਉਨ੍ਹਾਂ ਸਪੱਸ਼ਟ ਕੀਤਾ ਕਿ ਜਿਹੜੀਆਂ ਸਰਕਾਰੀ ਇਮਾਰਤਾਂ ਅਸੁਰੱਖਿਅਤ



ਐਲਾਨੀਆਂ ਗਈਆਂ ਹਨ, ਉਨ੍ਹਾਂ ਦੀ ਵਰਤੋਂ ਕਿਸੇ ਵੀ ਹਾਲਤ ਵਿੱਚ ਨਾ ਹੋਣ ਦਿੱਤੀ ਜਾਵੇ, ਜਦੋਂ ਤੱਕ ਲੋੜੀਂਦੇ ਸੁਧਾਰਾਤਮਕ ਕੰਮ ਪੂਰੇ ਕਰਕੇ ਉਨ੍ਹਾਂ ਨੂੰ ਮੁੜ ਸੁਰੱਖਿਅਤ ਨਾ ਐਲਾਨਿਆ ਜਾਵੇ।

ਇਸੇ ਤਰ੍ਹਾਂ ਮੰਤਰੀ ਨੇ ਵਿਭਾਗ ਅਧੀਨ ਆਉਂਦੇ ਸਾਰੇ ਪੁਲਾਂ, ਕਲਵਰਟਾਂ ਅਤੇ ਹੋਰ ਬ੍ਰਿਜ ਸਟ੍ਰਕਚਰਜ਼ ਦੀ ਵੀ ਸੁਰੱਖਿਆ ਜਾਂਚ ਕਰਨ ਦੇ ਹੁਕਮ ਦਿੱਤੇ ਹਨ।

ਉਨ੍ਹਾਂ ਕਿਹਾ ਕਿ ਜੇਕਰ ਕੋਈ ਢਾਂਚਾ ਅਸੁਰੱਖਿਅਤ ਪਾਇਆ ਜਾਂਦਾ ਹੈ ਤਾਂ ਲੋੜੀਂਦੇ ਕੰਮ ਪੂਰੇ ਹੋਣ ਤੱਕ ਤੁਰੰਤ ਟ੍ਰੈਫਿਕ ਪਾਬੰਦੀਆਂ ਜਾਂ ਹੋਰ ਉਚਿਤ ਸੁਰੱਖਿਆ ਉਪਾਅ ਲਾਗੂ ਕੀਤੇ ਜਾਣ।

ਸ. ਹਰਭਜਨ ਸਿੰਘ ਈ.ਟੀ.ਓ. ਨੇ ਇਹ ਵੀ ਹਦਾਇਤ ਕੀਤੀ ਕਿ ਕਿਸੇ ਵੀ ਸਰਕਾਰੀ ਇਮਾਰਤ, ਪੁਲ ਜਾਂ ਕਲਵਰਟ ਦੀ ਸਟ੍ਰਕਚਰਲ ਮਜ਼ਬੂਤੀ ਨੂੰ ਪ੍ਰਭਾਵਿਤ ਕਰਨ ਵਾਲਾ ਕੋਈ ਵੀ ਬਦਲਾਅ, ਮੋਡੀਫਿਕੇਸ਼ਨ, ਮਜ਼ਬੂਤੀਕਰਨ, ਚੌੜਾਈ ਵਧਾਉਣ, ਢਾਹੁਣ ਜਾਂ ਹੋਰ ਕੰਮ ਸਮਰੱਥ ਅਥਾਰਟੀ ਦੀ ਪਹਿਲਾਂ ਮਨਜ਼ੂਰੀ ਤੋਂ ਬਿਨਾਂ ਨਾ ਕੀਤਾ ਜਾਵੇ। ਅਜਿਹੇ ਸਾਰੇ ਕੰਮ ਲਾਗੂ ਨਿਯਮਾਂ, ਤਕਨੀਕੀ ਕੋਡ ਅਤੇ ਵਿਭਾਗੀ ਹਦਾਇਤਾਂ ਅਨੁਸਾਰ ਹੀ ਕੀਤੇ ਜਾਣ।

ਸਖ਼ਤ ਰੁਖ ਅਪਣਾਉਂਦਿਆਂ ਲੋਕ ਨਿਰਮਾਣ ਮੰਤਰੀ ਨੇ ਕਿਹਾ ਕਿ ਸੁਰੱਖਿਆ ਮਾਪਦੰਡਾਂ ਦੀ ਪਾਲਣਾ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਜਾਂ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਜ਼ਿੰਮੇਵਾਰ ਅਧਿਕਾਰੀਆਂ ਵਿਰੁੱਧ ਸਖ਼ਤ ਵਿਭਾਗੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੁਰੱਖਿਅਤ, ਮਜ਼ਬੂਤ ਅਤੇ ਟਿਕਾਊ ਜਨਤਕ ਬੁਨਿਆਦੀ ਢਾਂਚਾ ਯਕੀਨੀ ਬਣਾਉਣ ਲਈ ਵਚਨਬੱਧ ਹੈ ਅਤੇ ਲੋਕਾਂ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ ਹਰ ਲੋੜੀਂਦਾ ਕਦਮ ਚੁੱਕਿਆ ਜਾ ਰਿਹਾ ਹੈ।

## ਸੰਪਾਦਕੀ

## ਰਾਖਵਾਂਕਰਨ ਸੰਵਿਧਾਨਕ ਹੱਕ , ਲੈਕਚਰਾਰ ਭਰਤੀ ਚ ਕਿੰਨਾ ਕੁ ਵੱਖ.

ਪੰਜਾਬ ਵਿੱਚ ਲੈਕਚਰਾਰਾਂ ਦੀ ਭਰਤੀ ਨੂੰ ਲੈ ਕੇ ਉੱਠਿਆ ਰਾਖਵਾਂਕਰਨ ਦਾ ਵਿਵਾਦ ਹੁਣ ਸਿਰਫ਼ ਇੱਕ ਭਰਤੀ ਪ੍ਰਕਿਰਿਆ ਦਾ ਮਾਮਲਾ ਨਹੀਂ ਰਿਹਾ, ਸਗੋਂ ਇਹ ਸਮਾਜਿਕ ਨਿਆਂ, ਸੰਵਿਧਾਨਕ ਹੱਕ ਅਤੇ ਸਰਕਾਰੀ ਭਰਤੀ ਪ੍ਰਣਾਲੀ ਦੀ ਪਾਰਦਰਸ਼ਤਾ ਨਾਲ ਜੁੜਿਆ ਮਹੱਤਵਪੂਰਨ ਸਵਾਲ ਬਣ ਗਿਆ ਹੈ। ਪੰਜਾਬ ਸਿੱਖਿਆ ਵਿਭਾਗ ਵੱਲੋਂ 1,013 ਲੈਕਚਰਾਰ ਅਹੁਦਿਆਂ ਦੀ ਭਰਤੀ ਨੂੰ ਲੈ ਕੇ ਅਨੁਸੂਚਿਤ ਜਾਤੀ ਅਤੇ ਪੱਛੜੀਆਂ ਸ਼੍ਰੇਣੀਆਂ ਦੇ ਉਮੀਦਵਾਰਾਂ ਵੱਲੋਂ ਰਾਖਵਾਂਕਰਨ ਦੀਆਂ ਵਿਵਸਥਾਵਾਂ ਸਬੰਧੀ ਇਤਰਾਜ਼ ਸਾਹਮਣੇ ਆਏ ਹਨ।

ਮਾਮਲੇ ਦੀ ਗੰਭੀਰਤਾ ਇਸ ਗੱਲ ਤੋਂ ਸਮਝੀ ਜਾ ਸਕਦੀ ਹੈ ਕਿ ਰਾਸ਼ਟਰੀ ਅਨੁਸੂਚਿਤ ਜਾਤੀ ਕਮਿਸ਼ਨ (ਐਨਸੀਐਸਸੀ) ਨੇ ਪੰਜਾਬ ਸਰਕਾਰ ਦੇ ਮੁੱਖ ਸਕੱਤਰ ਨੂੰ ਨੋਟਿਸ ਜਾਰੀ ਕਰਕੇ ਮਾਮਲੇ 'ਤੇ ਸੱਤ ਦਿਨਾਂ ਦੇ ਅੰਦਰ ਜਵਾਬ ਮੰਗਿਆ ਹੈ। ਕਮਿਸ਼ਨ ਦੇ ਚੇਅਰਮੈਨ ਕਿਸ਼ੋਰ ਮਕਵਾਨਾ ਵੱਲੋਂ ਇਸ ਨੂੰ ਬਹੁਤ ਗੰਭੀਰ ਮਾਮਲਾ ਮੰਨਿਆ ਗਿਆ ਹੈ।

ਭਾਰਤੀ ਸੰਵਿਧਾਨ ਦਾ ਅਨੁਛੇਦ 16 ਸਰਕਾਰੀ ਸੇਵਾਵਾਂ ਵਿੱਚ ਸਮਾਨ ਮੌਕੇ ਦਾ ਸਿਧਾਂਤ ਸਥਾਪਤ ਕਰਦਾ ਹੈ ਅਤੇ ਪਿੱਛੜੇ ਵਰਗਾਂ ਦੀ ਉਸੇ ਤਰੀਕੇ ਨੁਮਾਇੰਦਗੀ ਯਕੀਨੀ ਬਣਾਉਣ ਲਈ ਵਿਸ਼ੇਸ਼ ਪ੍ਰਬੰਧ ਦੀ ਇਜਾਜ਼ਤ ਦਿੰਦਾ ਹੈ। ਪੰਜਾਬ ਨੇ ਵੀ ਸਰਕਾਰੀ ਸੇਵਾਵਾਂ ਵਿੱਚ ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ਼੍ਰੇਣੀਆਂ ਲਈ ਰਾਖਵਾਂਕਰਨ ਸਬੰਧੀ ਕਾਨੂੰਨੀ ਢਾਂਚਾ ਤਿਆਰ ਕੀਤਾ ਹੋਇਆ ਹੈ। ਪੰਜਾਬ ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ਼੍ਰੇਣੀਆਂ (ਸੇਵਾਵਾਂ ਵਿੱਚ ਰਾਖਵਾਂਕਰਨ) ਐਕਟ, 2006 ਵਿੱਚ ਸੇਵਾਵਾਂ ਵਿੱਚ ਰਾਖਵਾਂਕਰਨ ਅਤੇ ਰੋਸਟਰ ਪ੍ਰਣਾਲੀ ਨਾਲ ਸਬੰਧਤ ਪ੍ਰਬੰਧ ਹਨ।

ਇਸ ਲਈ ਕਿਸੇ ਵੀ ਸਰਕਾਰੀ ਭਰਤੀ ਵਿੱਚ ਸਿਰਫ਼ ਰਾਖਵਾਂਕਰਨ ਦੀ ਪ੍ਰਤੀਸ਼ਤਤਾ ਦੱਸ ਦੇਣਾ ਕਾਫ਼ੀ ਨਹੀਂ। ਰੋਸਟਰ, ਅਸਾਮੀਆਂ ਦੀ ਸ਼੍ਰੇਣੀਵਾਰ ਵੰਡ, ਪਿਛਲੀਆਂ ਬੈਕਲਾਗ ਅਸਾਮੀਆਂ ਅਤੇ ਲਾਗੂ ਸਰਕਾਰੀ ਨਿਯਮਾਂ ਦੀ ਸਹੀ ਪਾਲਣਾ ਵੀ ਉਤਨੀ ਹੀ ਮਹੱਤਵਪੂਰਨ ਹੈ।

1,013 ਲੈਕਚਰਾਰ ਅਹੁਦੇ ਹਜ਼ਾਰਾਂ ਨੌਜਵਾਨਾਂ ਦੇ ਰੁਜ਼ਗਾਰ ਅਤੇ ਭਵਿੱਖ ਨਾਲ ਜੁੜੇ ਹਨ। ਇਸ ਲਈ ਜੇਕਰ ਕਿਸੇ ਵਰਗ ਦੇ ਉਮੀਦਵਾਰਾਂ ਨੂੰ ਇਹ ਮਹਿਸੂਸ ਹੋਵੇ ਕਿ ਉਨ੍ਹਾਂ ਨੂੰ ਉਨ੍ਹਾਂ ਦੇ ਕਾਨੂੰਨੀ ਹੱਕ ਅਨੁਸਾਰ ਮੌਕਾ ਨਹੀਂ ਮਿਲਿਆ, ਤਾਂ ਸਰਕਾਰ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਰੋਸਟਰ ਅਤੇ ਸ਼੍ਰੇਣੀਵਾਰ ਅਸਾਮੀਆਂ ਦਾ ਸਪਸ਼ਟ ਵੇਰਵਾ ਜਨਤਕ ਕਰੇ ਅਤੇ ਇਤਰਾਜ਼ਾਂ ਦਾ ਤੱਥਾਂ ਸਮੇਤ ਨਿਪਟਾਰਾ ਕਰੇ।

ਇੱਥੇ ਇੱਕ ਹੋਰ ਮਹੱਤਵਪੂਰਨ ਪੱਖ ਵੀ ਹੈ ਕਿ ਰਾਖਵਾਂਕਰਨ ਦਾ ਅਰਥ ਯੋਗਤਾ ਨੂੰ ਨਜ਼ਰਅੰਦਾਜ਼ ਕਰਨਾ ਨਹੀਂ, ਬਲਕਿ ਸਮਾਨ ਮੌਕੇ ਤੱਕ ਪਹੁੰਚ ਵਿੱਚ ਇਤਿਹਾਸਕ ਅਤੇ ਸਮਾਜਿਕ ਅਸਮਾਨਤਾਵਾਂ ਨੂੰ ਦੂਰ ਕਰਨਾ ਹੈ। ਇਸ ਲਈ ਰਾਖਵਾਂਕਰਨ ਅਤੇ ਯੋਗਤਾ ਨੂੰ ਆਪਸ ਵਿੱਚ ਵਿਰੋਧੀ ਧਾਰਨਾਵਾਂ ਵਜੋਂ ਪੇਸ਼ ਕਰਨਾ ਵੀ ਠੀਕ ਨਹੀਂ।

ਐਨ.ਸੀ.ਐਸ.ਸੀ ਦਾ ਨੋਟਿਸ ਸਰਕਾਰ ਲਈ ਇੱਕ ਮੌਕਾ ਵੀ ਹੈ ਕਿ ਉਹ ਵਿਵਾਦ ਨੂੰ ਰਾਜਨੀਤਿਕ ਬਿਆਨਾਂ ਦੀ ਬਜਾਏ ਦਸਤਾਵੇਜ਼ੀ ਤੱਥਾਂ ਨਾਲ ਸਪਸ਼ਟ ਕਰੇ। ਸਰਕਾਰ ਨੂੰ ਦੱਸਣਾ ਚਾਹੀਦਾ ਹੈ ਕਿ 1,013 ਅਹੁਦਿਆਂ ਦਾ ਰੋਸਟਰ ਕਿਵੇਂ ਤਿਆਰ ਕੀਤਾ ਗਿਆ, ਐਸਸੀ ਲਈ ਕਿੰਨੀਆਂ ਅਸਾਮੀਆਂ ਨਿਰਧਾਰਤ ਹੋਈਆਂ, ਕੀ ਕੋਈ ਬੈਕਲਾਗ ਅਸਾਮੀਆਂ ਸਨ ਅਤੇ ਭਰਤੀ ਪ੍ਰਕਿਰਿਆ ਦੇ ਹਰ ਪੜਾਅ 'ਤੇ ਰਾਖਵਾਂਕਰਨ ਨਿਯਮਾਂ ਦੀ ਕਿਵੇਂ ਪਾਲਣਾ ਕੀਤੀ ਗਈ।

ਇਸ ਮਾਮਲੇ ਵਿੱਚ ਕਿਸੇ ਵੀ ਪੱਖ ਨੂੰ ਪਹਿਲਾਂ ਹੀ ਦੋਸ਼ੀ ਠਹਿਰਾਉਣ ਦੀ ਬਜਾਏ ਨਿਰਪੱਖ ਜਾਂਚ ਅਤੇ ਪਾਰਦਰਸ਼ੀ ਤੱਥ-ਜਾਂਚ ਜ਼ਰੂਰੀ ਹੈ। ਜੇਕਰ ਨਿਯਮਾਂ ਦੀ ਪਾਲਣਾ ਹੋਈ ਹੈ ਤਾਂ ਸਰਕਾਰ ਕੋਲ ਉਸ ਨੂੰ ਦਸਤਾਵੇਜ਼ਾਂ ਨਾਲ ਸਾਬਤ ਕਰਨ ਦਾ ਮੌਕਾ ਹੈ; ਜੇਕਰ ਕੋਈ ਗਲਤੀ ਹੋਈ ਹੈ ਤਾਂ ਉਸ ਨੂੰ ਭਰਤੀ ਮੁੱਕਣ ਹੋਣ ਤੋਂ ਪਹਿਲਾਂ ਠੀਕ ਕਰਨਾ ਚਾਹੀਦਾ ਹੈ। ਇੱਥੇ ਮੁੱਦਾ ਇਹ ਨਹੀਂ ਕਿ ਰਾਖਵਾਂਕਰਨ ਕਿੰਨੇ ਪ੍ਰਤੀਸ਼ਤ ਹੈ ਸਗੋਂ ਇਹ ਹੈ ਕਿ ਕਾਨੂੰਨ ਵਿੱਚ ਦਿੱਤਾ ਹੱਕ ਜ਼ਮੀਨੀਪੱਧਰ 'ਤੇ ਕਿੰਨੀ ਇਮਾਨਦਾਰੀ ਨਾਲ ਲਾਗੂ ਹੁੰਦਾ ਹੈ। ਲੈਕਚਰਾਰ ਭਰਤੀ ਦਾ ਇਹ ਵਿਵਾਦ ਪੰਜਾਬ ਲਈ ਇੱਕ ਵੱਡਾ ਸਬਕ ਬਣ ਸਕਦਾ ਹੈ ਕਿ ਸਰਕਾਰੀ ਭਰਤੀ ਵਿੱਚ ਹਰ ਉਮੀਦਵਾਰ ਨੂੰ ਇਹ ਭਰੋਸਾ ਹੋਵੇ ਕਿ ਉਸ ਦਾ ਭਵਿੱਖ ਕਿਸੇ ਅਸਪਸ਼ਟ ਰੋਸਟਰ ਜਾਂ ਪ੍ਰਸ਼ਾਸਕੀ ਗਲਤੀ ਦਾ ਸ਼ਿਕਾਰ ਨਹੀਂ ਹੋਵੇਗਾ।

-ਛੱਤਰਪਾਲ ਸਿੰਘ




Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

# ਮੌਸਮ ਦੇ ਦੌਲਤ ਖਾਨੇ, ਤੁਹਾਡੀ ਪਸੰਦ ਦੇ ਨਜ਼ਰਾਨੇ



ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ਼.
9855221193

ਜ਼ਿੰਦਗੀ ਦੇ ਮੌਸਮਾਂ ਨੂੰ ਬਦਲਣਾ ਸਾਡੇ ਹੱਥ ਨਹੀਂ, ਪਰ ਉਨ੍ਹਾਂ ਵਿੱਚ ਕੀ ਵੇਖਣਾ ਹੈ, ਇਹ ਸਾਡੇ ਹੱਥ ਹੈ

ਕੁਝ ਗੱਲਾਂ ਪਹਿਲੀ ਵਾਰ ਸੁਣ ਕੇ ਅਜੀਬ ਲੱਗਦੀਆਂ ਹਨ, ਪਰ ਜਦੋਂ ਉਨ੍ਹਾਂ 'ਤੇ ਥੋੜ੍ਹਾ ਗੌਰ ਕਰੀਏ ਤਾਂ ਉਹ ਜ਼ਿੰਦਗੀ ਦਾ ਡੂੰਘਾ ਸੱਚ ਬਣ ਜਾਂਦੀਆਂ ਹਨ।

ਜਿਹੜੀ ਸ਼ੈਅ ਹਰ ਵੇਲੇ ਰਹਿੰਦੀ ਹੈ, ਉਹ ਕਦੀ ਨਹੀਂ ਰਹਿੰਦੀ। ਹੈਰਾਨੀ ਹੋਈ ?

ਜ਼ਰਾ ਇਸ ਵਾਕ ਨੂੰ ਜ਼ਿੰਦਗੀ ਨਾਲ ਜੋੜ ਕੇ ਦੇਖੋ। ਗਰਮੀ ਸਦਾ ਨਹੀਂ ਰਹਿੰਦੀ, ਸਰਦੀ ਸਦਾ ਨਹੀਂ ਰਹਿੰਦੀ। ਮੀਂਹ ਆਉਂਦਾ ਹੈ ਤੇ ਲੰਘ ਜਾਂਦਾ ਹੈ। ਪਤਝੜ ਤੋਂ ਬਾਅਦ ਬਹਾਰ ਆਉਂਦੀ ਹੈ। ਸੂਰਜ ਚੜ੍ਹਦਾ ਹੈ, ਫਿਰ ਡੁੱਬਦਾ ਹੈ ਅਤੇ ਰਾਤ ਤੋਂ ਬਾਅਦ ਮੁੜ ਸਵੇਰ ਹੁੰਦੀ ਹੈ।

ਕਦੇ ਕਾਮਯਾਬੀ ਦਾ ਮੌਸਮ ਹੁੰਦਾ ਹੈ, ਕਦੇ ਨਾਕਾਮੀ ਦਾ। ਕਦੇ ਖੁਸ਼ੀ ਘਰ ਦਾ ਦਰਵਾਜ਼ਾ ਖੜਕਾਉਂਦੀ ਹੈ ਅਤੇ ਕਦੇ ਦੁੱਖ ਬਿਨਾਂ ਬੁਲਾਏ ਅੰਦਰ ਆ ਬੈਠਦਾ ਹੈ। ਕਦੇ ਰਿਸ਼ਤੇ ਸਾਨੂੰ ਮਜ਼ਬੂਤ ਕਰਦੇ ਹਨ ਅਤੇ ਕਦੇ ਉਹੀ ਰਿਸ਼ਤੇ ਸਾਨੂੰ ਅੰਦਰੋਂ ਤੋੜ ਜਾਂਦੇ ਹਨ। ਕਦੇ ਰਸਤਾ ਸਾਫ਼ ਦਿਖਾਈ ਦਿੰਦਾ ਹੈ ਅਤੇ ਕਦੇ ਅਸੀਂ ਹਨੇਰੇ ਵਿੱਚ ਖੜ੍ਹੇ ਹੁੰਦੇ ਹਾਂ।

ਮੁੱਦਾ ਇਹ ਨਹੀਂ ਕਿ ਜ਼ਿੰਦਗੀ ਵਿੱਚ ਕਿਹੜਾ ਮੌਸਮ ਆਇਆ ਹੈ। ਇਹ ਹੈ ਕਿ ਉਸ ਮੌਸਮ ਵਿੱਚ ਅਸੀਂ ਕੀ ਵੇਖ ਰਹੇ ਹਾਂ ?

ਗਰਮੀ ਆਉਂਦੀ ਹੈ ਤਾਂ ਦੋ ਲੋਕਾਂ ਦੀ ਸੋਚ ਵੱਖਰੀ ਹੋ ਸਕਦੀ ਹੈ। ਇੱਕ ਕਹੇਗਾ—

ਕਿੰਨੀ ਗਰਮੀ ਹੈ! ਪਸੀਨੇ ਨੇ ਬੁਰਾ ਹਾਲ ਕਰ ਦਿੱਤਾ। ਦੂਜਾ ਸ਼ਾਇਦ ਕਹੇ—

ਅੰਬਾਂ ਦਾ ਮੌਸਮ ਆ ਗਿਆ ਹੈ!

ਮੌਸਮ ਦੋਵਾਂ ਲਈ ਇੱਕੋ ਹੈ। ਤਾਪਮਾਨ ਵੀ ਇੱਕੋ ਹੈ। ਧੁੱਪ ਵੀ ਇੱਕੋ ਹੈ। ਫ਼ਰਕ ਸਿਰਫ਼ ਨਜ਼ਰੀਏ ਦਾ ਹੈ।

ਇਹੀ ਫ਼ਰਕ ਜ਼ਿੰਦਗੀ ਵਿੱਚ ਵੀ ਹੁੰਦਾ ਹੈ। ਜਦੋਂ ਨਾਕਾਮੀ ਆਉਂਦੀ ਹੈ ਤਾਂ ਕੋਈ ਵਿਅਕਤੀ ਕਹਿੰਦਾ ਹੈ, ਮੇਰੀ ਕਿਸਮਤ ਹੀ ਖਰਾਬ ਹੈ। ਦੂਜਾ ਕਹਿੰਦਾ ਹੈ, ਸ਼ਾਇਦ ਇਹ ਨਾਕਾਮੀ ਮੈਨੂੰ ਕੁਝ ਸਿਖਾਉਣ ਆਈ ਹੈ।

ਇੱਕ ਨੂੰ ਮੁਸ਼ਕਲ ਵਿੱਚ ਸਿਰਫ਼ ਕੰਧ ਦਿਖਾਈ ਦਿੰਦੀ ਹੈ। ਦੂਜੇ ਨੂੰ ਉਸੇ ਕੰਧ ਵਿੱਚ ਦਰਵਾਜ਼ਾ ਬਣਾਉਣ ਦੀ ਸੰਭਾਵਨਾ ਦਿਖਾਈ ਦਿੰਦੀ ਹੈ। ਇਸ ਲਈ ਕਈ ਵਾਰ ਹਾਲਾਤ ਸਾਡੇ ਭਵਿੱਖ ਦਾ ਫ਼ੈਸਲਾ ਨਹੀਂ ਕਰਦੇ, ਸਾਡੀ ਹਾਲਾਤਾਂ ਬਾਰੇ ਸੋਚ ਸਾਡਾ ਭਵਿੱਖ ਤੈਅ ਕਰਦੀ ਹੈ।

ਅਸੀਂ ਅਕਸਰ ਨਾਕਾਮੀ ਨੂੰ ਆਪਣਾ ਦੁਸ਼ਮਣ ਸਮਝ ਲੈਂਦੇ ਹਾਂ।

ਪਰ ਸ਼ਾਇਦ ਨਾਕਾਮੀ ਦਾ ਇੱਕ ਹੋਰ ਚਿਹਰਾ ਵੀ ਹੈ। ਨਾਕਾਮੀ ਸਾਨੂੰ ਕਾਮਯਾਬੀ ਦੀ ਕੀਮਤ ਸਮਝਾਉਂਦੀ ਹੈ। ਜੇ ਹਰ ਕੋਸ਼ਿਸ਼ ਪਹਿਲੀ ਵਾਰ ਵਿੱਚ ਕਾਮਯਾਬ ਹੋ ਜਾਵੇ ਤਾਂ ਸ਼ਾਇਦ ਸਾਨੂੰ ਕਾਮਯਾਬੀ ਦੀ ਅਸਲ ਕਦਰ ਕਦੇ ਪਤਾ ਹੀ ਨਾ ਲੱਗੇ।

ਜਿਸ ਵਿਅਕਤੀ ਨੇ ਭੁੱਖ ਨਹੀਂ ਵੇਖੀ, ਉਹ ਰੋਟੀ ਦੀ ਕੀਮਤ ਕਿਵੇਂ ਸਮਝੇਗਾ ? ਜਿਸ ਨੇ ਹਨੇਰਾ ਨਹੀਂ ਵੇਖਿਆ, ਉਹ ਰੌਸ਼ਨੀ ਦੀ ਖੂਬਸੂਰਤੀ ਕਿਵੇਂ ਮਹਿਸੂਸ ਕਰੇਗਾ ?

ਜਿਸ ਨੇ ਹਾਰ ਨਹੀਂ ਝੱਲੀ, ਉਹ ਜਿੱਤ ਦੀ ਖੁਸ਼ੀ ਕਿਵੇਂ ਸਮਝੇਗਾ ? ਇਸ ਲਈ ਹਰ ਨਾਕਾਮੀ ਨੂੰ ਸਿਰਫ਼ ਹਾਰ ਕਹਿ ਦੇਣਾ ਸ਼ਾਇਦ ਜ਼ਿੰਦਗੀ ਨਾਲ ਇਨਸਾਫ਼ ਨਹੀਂ। ਕਈ ਵਾਰ ਨਾਕਾਮੀ ਜ਼ਿੰਦਗੀ ਦੀ ਉਹ ਫ਼ੀਸ ਹੁੰਦੀ ਹੈ ਜੋ ਕਾਮਯਾਬੀ ਦੀ ਸਿੱਖਿਆ ਲਈ ਦੇਣੀ ਪੈਂਦੀ ਹੈ।

ਸਾਡੀ ਸਭ ਤੋਂ ਵੱਡੀ ਗਲਤੀ ਇਹ ਹੁੰਦੀ ਹੈ ਕਿ ਜਦੋਂ ਦੁੱਖ ਆਉਂਦਾ ਹੈ ਤਾਂ ਅਸੀਂ ਮੰਨ ਲੈਂਦੇ ਹਾਂ ਕਿ ਹੁਣ ਇਹੀ ਸਾਡੀ ਜ਼ਿੰਦਗੀ ਹੈ।

ਪਰ ਦੁੱਖ ਵੀ ਮੌਸਮ ਵੈਨ ਹੁੰਦਾ ਹੈ ਉਹ ਆਉਂਦਾ ਹੈ। ਆਪਣਾ ਸਮਾਂ ਲੈਂਦਾ ਹੈ। ਅਤੇ ਫਿਰ ਲੰਘ ਜਾਂਦਾ ਹੈ।

ਸਮੱਸਿਆ ਇਹ ਨਹੀਂ ਕਿ ਦੁੱਖ ਕਿਉਂ ਆਇਆ।

ਕਈ ਵਾਰ ਸਵਾਲ ਇਹ ਹੋਣਾ ਚਾਹੀਦਾ ਹੈ, ਇਹ ਦੁੱਖ ਮੈਨੂੰ ਕੀ ਸਿਖਾਉਣ ਆਇਆ ਹੈ ?

ਸ਼ਾਇਦ ਇਹ ਤੁਹਾਨੂੰ ਆਪਣੇ ਆਪ ਨਾਲ ਮਿਲਾਉਣ ਆਇਆ ਹੋਵੇ। ਸ਼ਾਇਦ ਇਹ ਤੁਹਾਨੂੰ ਕਿਸੇ ਗਲਤ ਰਿਸ਼ਤੇ ਤੋਂ ਬਾਹਰ ਕੱਢਣ ਆਇਆ ਹੋਵੇ।ਸ਼ਾਇਦ ਇਹ ਤੁਹਾਨੂੰ ਆਪਣੀ ਤਾਕਤ ਦਾ ਅਹਿਸਾਸ ਕਰਵਾਉਣ ਆਇਆ ਹੋਵੇ। ਸ਼ਾਇਦ ਇਹ ਤੁਹਾਨੂੰ ਉਸ ਵਿਅਕਤੀ ਵਿੱਚ ਬਦਲਣ ਆਇਆ ਹੋਵੇ ਜਿਸਦੀ ਤੁਹਾਨੂੰ ਖੁਦ ਲੋੜ ਸੀ।

ਹਰ ਤਕਲੀਫ਼ ਦਾ ਤੁਰੰਤ ਜਵਾਬ ਨਹੀਂ ਮਿਲਦਾ। ਕੁਝ ਜਵਾਬ ਸਮਾਂ ਦਿੰਦਾ ਹੈ।

ਜ਼ਿੰਦਗੀ ਦਾ ਸਭ ਤੋਂ ਵੱਡਾ ਰਾਜ਼ ਸ਼ਾਇਦ ਇਹ ਨਹੀਂ ਕਿ ਮੁਸ਼ਕਲਾਂ ਤੋਂ ਕਿਵੇਂ ਬਚਿਆ ਜਾਵੇ।

ਬਲਕਿ ਇਹ ਹੈ ਕਿ ਮੁਸ਼ਕਲਾਂ ਦੇ ਵਿਚਕਾਰ ਆਪਣੇ ਆਪ ਨੂੰ ਕਿਵੇਂ ਬਚਾਇਆ ਜਾਵੇ। ਕਿਉਂਕਿ ਅਸੀਂ ਮੌਸਮ ਨਹੀਂ ਬਦਲ ਸਕਦੇ।

ਅਸੀਂ ਗਰਮੀ ਨੂੰ ਰੋਕ ਨਹੀਂ ਸਕਦੇ। ਅਸੀਂ ਮੀਂਹ ਨੂੰ ਹੁਕਮ ਨਹੀਂ ਦੇ ਸਕਦੇ। ਅਸੀਂ ਰਾਤ ਨੂੰ ਸਵੇਰ ਤੋਂ ਪਹਿਲਾਂ ਖਤਮ ਨਹੀਂ ਕਰ ਸਕਦੇ। ਪਰ ਅਸੀਂ ਛਤਰੀ ਜ਼ਰੂਰ ਰੱਖ ਸਕਦੇ ਹਾਂ। ਅਸੀਂ ਗਰਮੀ ਵਿੱਚ ਠੰਢਕ ਲੱਭ ਸਕਦੇ ਹਾਂ। ਅਸੀਂ ਮੀਂਹ ਵਿੱਚ ਭਿੱਜਣ ਦੀ ਬਜਾਏ ਉਸਦੀ ਖੁਸ਼ਬੂ ਮਹਿਸੂਸ ਕਰ ਸਕਦੇ ਹਾਂ।

ਅਤੇ ਹਨੇਰੇ ਵਿੱਚ ਸਵੇਰ 'ਤੇ ਵਿਸ਼ਵਾਸ ਕਰ ਸਕਦੇ ਹਾਂ। ਇਹੀ ਨਜ਼ਰੀਏ ਦੀ ਤਾਕਤ ਹੈ।

ਇਹ ਸਿਰਫ਼ ਗਰਮੀ ਦੇ ਮੌਸਮ ਦੀ ਗੱਲ ਨਹੀਂ ਸਗੋ, ਪੂਰੀ ਜ਼ਿੰਦਗੀ ਦਾ ਸਵਾਲ ਹੈ।

ਜਦੋਂ ਕੋਈ ਤੁਹਾਨੂੰ ਛੱਡ ਕੇ ਜਾਂਦਾ ਹੈ. ਤੁਹਾਡੇ ਦਿਮਾਗ ਵਿੱਚ ਕੀ ਆਉਂਦਾ ਹੈ ? ਮੈਂ ਇਕੱਲਾ ਰਹਿ ਗਿਆ ਹਾਂ ਜਾਂ ਹੁਣ ਮੈਂ ਆਪਣੇ ਆਪ ਨੂੰ ਸਮਝਾਂਗਾ ? ਜਦੋਂ ਕਾਰੋਬਾਰ ਵਿੱਚ ਨੁਕਸਾਨ ਹੁੰਦਾ ਹੈ. ਤੁਹਾਡੇ ਦਿਮਾਗ ਵਿੱਚ ਕੀ ਆਉਂਦਾ ਹੈ ?

ਸਭ ਕੁਝ ਖਤਮ ਹੋ ਗਿਆ ਜਾਂ ਮੈਨੂੰ ਆਪਣੀ ਰਣਨੀਤੀ ਬਦਲਣੀ ਪਵੇਗੀ ?

ਜਦੋਂ ਕੋਈ ਸੁਪਨਾ ਟੁੱਟਦਾ ਹੈ. ਤੁਸੀਂ ਕੀ ਵੇਖਦੇ ਹੋ ?

ਇੱਕ ਅੰਤ ? ਜਾਂ ਕਿਸੇ ਨਵੇਂ ਸੁਪਨੇ ਦੀ ਸ਼ੁਰੂਆਤ ?

ਇਹੀ ਉਹ ਥਾਂ ਹੈ ਜਿੱਥੇ ਆਮ ਮਨੁੱਖ ਅਤੇ ਜ਼ਿੰਦਗੀ ਨੂੰ ਸਮਝਣ ਵਾਲੇ ਮਨੁੱਖ ਵਿੱਚ ਫ਼ਰਕ ਪੈਦਾ ਹੁੰਦਾ ਹੈ।

ਹਾਲਾਤ ਇੱਕੋ ਹੋ ਸਕਦੇ ਹਨ, ਪਰ ਉਨ੍ਹਾਂ ਦਾ ਅਰਥ ਹਰ ਮਨੁੱਖ ਲਈ ਵੱਖਰਾ ਹੋ ਸਕਦਾ ਹੈ।

ਕੋਈ ਚੀਜ਼ ਸਦਾ ਨਹੀਂ ਰਹਿੰਦੀ. ਇਹੀ ਖੂਬਸੂਰਤੀ ਹੈ। ਸੋਚੋ, ਜੇ ਖੁਸ਼ੀ ਸਦਾ ਰਹਿੰਦੀ ਤਾਂ ਕੀ ਅਸੀਂ ਖੁਸ਼ੀ ਨੂੰ ਮਹਿਸੂਸ ਕਰ ਸਕਦੇ ? ਜੇ ਸਵੇਰ ਸਦਾ ਰਹਿੰਦੀ ਤਾਂ ਕੀ ਸਵੇਰ ਦੀ ਖੂਬਸੂਰਤੀ ਰਹਿੰਦੀ ? ਜੇ ਬਸੰਤ ਸਦਾ ਰਹਿੰਦਾ ਤਾਂ ਕੀ ਫੁੱਲਾਂ ਦੀ ਉਡੀਕ ਰਹਿੰਦੀ ? ਸ਼ਾਇਦ ਨਹੀਂ। ਚੀਜ਼ਾਂ ਦੀ ਖੂਬਸੂਰਤੀ ਉਨ੍ਹਾਂ ਦੇ ਬਦਲ ਜਾਣ ਵਿੱਚ ਵੀ ਹੁੰਦੀ ਹੈ।

ਇਸ ਲਈ ਜੇ ਅੱਜ ਤੁਹਾਡੀ ਜ਼ਿੰਦਗੀ ਵਿੱਚ ਬੁਰਾ ਸਮਾਂ ਹੈ ਤਾਂ ਇਸਨੂੰ ਆਪਣੀ ਪੂਰੀ ਜ਼ਿੰਦਗੀ ਨਾ ਸਮਝੋ। ਇਹ ਸਿਰਫ਼ ਇੱਕ ਮੌਸਮ ਹੈ ਅਤੇ ਮੌਸਮ ਬਦਲਦੇ ਹਨ।

ਅੱਜ ਦੀ ਰਾਤ ਭਾਵੇਂ ਕਿੰਨੀ ਵੀ ਲੰਮੀ ਹੋਵੇ, ਸਵੇਰ ਉਸਦਾ ਇੰਤਜ਼ਾਰ ਨਹੀਂ ਕਰਦੀ. ਉਹ ਆਪਣੇ ਸਮੇਂ 'ਤੇ ਆਉਂਦੀ ਹੈ।

ਜ਼ਿੰਦਗੀ ਸਾਨੂੰ ਹਰ ਰੋਜ਼ ਕੁਜ ਚੁਣਨ ਦਾ ਮੌਕਾ ਦਿੰਦੀ ਹੈ। ਮੌਸਮ ਸਾਡੇ ਹੱਥ ਵਿੱਚ ਨਹੀਂ। ਪਰ ਮੌਸਮ ਨੂੰ ਦੇਖਣ ਵਾਲੀਆਂ ਅੱਖਾਂ ਸਾਡੇ ਹੱਥ ਵਿੱਚ ਹਨ।

ਮੁਸ਼ਕਲ ਆਵੇ ਤਾਂ ਟੁੱਟਣਾ ਜਾਂ ਸਿੱਖਣਾ—ਚੋਣ ਸਾਡੀ ਹੈ। ਨਾਕਾਮੀ ਆਵੇ ਤਾਂ ਰੁਕਣਾ ਜਾਂ ਦੁਬਾਰਾ ਕੋਸ਼ਿਸ਼ ਕਰਨੀ ਚੋਣ ਸਾਡੀ ਹੈ।

ਦੁੱਖ ਆਵੇ ਤਾਂ ਆਪਣੇ ਆਪ ਨੂੰ ਖਤਮ ਸਮਝਣਾ ਜਾਂ ਆਪਣੇ ਅੰਦਰੋਂ ਇੱਕ ਨਵਾਂ ਮਨੁੱਖ ਪੈਦਾ ਕਰਨਾ ਚੁਣਾਵ ਸਾਡੀ ਹੈ।

ਇਸ ਲਈ ਅਗਲੀ ਵਾਰ ਜਦੋਂ ਜ਼ਿੰਦਗੀ ਵਿੱਚ ਗਰਮੀ ਦਾ ਮੌਸਮ ਆਵੇ, ਆਪਣੇ ਆਪ ਨੂੰ ਇੱਕ ਸਵਾਲ ਜ਼ਰੂਰ ਪੁੱਛਣਾ ਮੇਰੇ ਦਿਮਾਗ ਵਿੱਚ ਕੀ ਆ ਰਿਹਾ ਹੈ,ਪਸੀਨਾ ਜਾਂ ਅੰਬ ? ਕਿਉਂਕਿ ਮੌਸਮ ਸ਼ਾਇਦ ਤੁਹਾਡੇ ਵੱਸ ਵਿੱਚ ਨਹੀਂ, ਪਰ ਉਸ ਮੌਸਮ ਵਿੱਚ ਕੀ ਵੇਖਣਾ ਹੈ. ਇਹ ਹਮੇਸ਼ਾ ਤੁਹਾਡੇ ਵੱਸ ਵਿੱਚ ਹੈ।

ਯਾਦ ਰੱਖੋ ਕੋਈ ਵੀ ਮੌਸਮ ਸਦਾ ਨਹੀਂ ਰਹਿੰਦਾ। ਇਹੀ ਜ਼ਿੰਦਗੀ ਦਾ ਸੱਚ ਹੈ। ਸ਼ਾਇਦ ਇਹੀ ਜ਼ਿੰਦਗੀ ਦੀ ਸਭ ਤੋਂ ਵੱਡੀ ਖੂਬਸੂਰਤੀ ਵੀ ਹੈ

## ਅਦਿੱਤਿਆ ਬੈਡਮਿੰਟਨ ਅਕੈਡਮੀ 'ਚ ਜ਼ਿਲ੍ਹਾ ਪੱਧਰੀ ਬੈਡਮਿੰਟਨ ਟੂਰਨਾਮੈਂਟ ਦੀ ਸ਼ੁਰੂਆਤ

### ਖੇਡਾਂ ਨੂੰ ਪਿੰਡ-ਪਿੰਡ ਤੱਕ ਪਹੁੰਚਾਉਣ ਲਈ ਮਾਨ ਸਰਕਾਰ ਦਾ ਵਧੀਆ ਉਪਰਾਲਾ : ਵਿਧਾਇਕ ਪੰਡੋਰੀ



ਪਟਿਆਲਾ : ਜਗਪ੍ਰੀਤ ਮਹਾਜਨ/ ਅਮਰਜੀਤ ਸਿੰਘ ਸਰਤਾਜ :

ਅਦਿੱਤਿਆ ਬੈਡਮਿੰਟਨ ਅਕੈਡਮੀ ਵਿੱਚ ਜ਼ਿਲ੍ਹਾ ਪੱਧਰੀ ਬੈਡਮਿੰਟਨ ਟੂਰਨਾਮੈਂਟ ਦੀ ਸ਼ੁਰੂਆਤ ਹੋਈ। ਇਸ ਮੌਕੇ ਮਹਿਲ ਕਲਾਂ ਦੇ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਅਤੇ ਪੰਜਾਬ ਗ੍ਰੈਪਲਿੰਗ ਰੈਸਲਿੰਗ ਦੇ ਡਾਇਰੈਕਟਰ ਯੋਗਰਾਜ ਸ਼ਰਮਾ ਸ਼ੈਲੀ ਵਿਸ਼ੇਸ਼ ਤੌਰ 'ਤੇ ਪਹੁੰਚੇ।ਟੂਰਨਾਮੈਂਟ ਦੀ ਸ਼ੁਰੂਆਤ ਮੌਕੇ ਖਿਡਾਰੀਆਂ ਵਿੱਚ ਖਾਸ ਉਤਸ਼ਾਹ ਦੇਖਣ ਨੂੰ ਮਿਲਿਆ।ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪਿੰਡਾਂ ਵਿੱਚ ਵੀ ਸ਼ਹਿਰਾਂ ਵਰਗੀਆਂ ਖੇਡ ਸਹੂਲਤਾਂ ਵਿਕਸਿਤ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਪੰਜਾਬ 'ਚ ਸ਼ਾਨਦਾਰ ਖੇਡ ਮੈਦਾਨ ਤਿਆਰ ਕੀਤੇ ਗਏ ਹਨ।

ਇਸ ਦੌਰਾਨ ਯੋਗਰਾਜ ਸ਼ਰਮਾ ਸ਼ੈਲੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਬੱਚਿਆਂ ਨੂੰ ਖੇਡਾਂ ਨਾਲ ਜੋੜਨ ਅਤੇ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਵੱਡੇ ਪੱਧਰ 'ਤੇ ਉਪਰਾਲੇ ਕੀਤੇ ਜਾ ਰਹੇ ਹਨ। ਸ਼ੈਲੀ ਨੇ ਕਿਹਾ ਕਿ ਇਹ ਬੈਡਮਿੰਟਨ ਟੂਰਨਾਮੈਂਟ ਅੱਜ ਤੋਂ ਸ਼ੁਰੂ ਹੋ ਕੇ 2 ਸਤੰਬਰ ਤੱਕ ਚੱਲੇਗਾ। ਟੂਰਨਾਮੈਂਟ ਵਿੱਚ ਲੜਕਿਆਂ ਅਤੇ ਲੜਕੀਆਂ ਦੇ ਮੁਕਾਬਲੇ ਕਰਵਾਏ ਜਾਣਗੇ।ਉਨ੍ਹਾਂ ਕਿਹਾ ਕਿ ਅੱਜ ਵਿਧਾਇਕ ਪੰਡੋਰੀ ਨੇ ਖਿਡਾਰੀਆਂ ਨਾਲ ਖੁਦ ਗਰਾਊਂਡ ਵਿੱਚ ਖੇਡ ਕੇ ਬੱਚਿਆਂ ਦਾ ਹੌਸਲਾ ਵਧਾਇਆ, ਜੋ ਨੌਜਵਾਨਾਂ ਲਈ ਇੱਕ ਵੱਡਾ ਪ੍ਰੇਰਨਾਦਾਇਕ ਸੁਨੇਹਾ ਹੈ। ਕੁਲਵੰਤ ਸਿੰਘ ਪੰਡੋਰੀ ਸਿਰਫ਼ ਮਹਿਲ ਕਲਾਂ ਦੇ ਵਿਧਾਇਕ ਨਹੀਂ, ਸਗੋਂ ਪੰਜਾਬ ਦੇ ਨੌਜਵਾਨਾਂ ਅਤੇ ਖਿਡਾਰੀਆਂ ਲਈ ਹਮੇਸ਼ਾ ਖੜ੍ਹੇ ਰਹਿਣ ਵਾਲੇ ਆਗੂ ਹਨ।ਵਿਧਾਇਕ ਕੁਲਵੰਤ ਸਿੰਘ ਪੰਡੋਰੀ ਦੀ ਸ਼ਲਾਘਾ ਕਰਦਿਆਂ ਸ਼ੈਲੀ ਨੇ ਕਿਹਾ ਕਿ ਉਹ ਖਿਡਾਰੀਆਂ ਨੂੰ ਲਗਾਤਾਰ ਸਹਿਯੋਗ ਦਿੰਦੇ ਹਨ। ਖਾਸ ਕਰਕੇ ਰੈਸਲਿੰਗ ਅਤੇ ਪੈਰਾ-ਖਿਡਾਰੀਆਂ ਦੀ ਡਾਇਟ ਅਤੇ ਹੋਰ ਲੋੜਾਂ ਦਾ ਵੀ ਧਿਆਨ ਰੱਖਦੇ ਹਨ। ਇਸ ਮੌਕੇ ਤੇ ਦਵਿੰਦਰ ਸਿੰਘ ਬਲਾਕ ਸੰਮਤੀ ਮੈਂਬਰ, ਦਵਿੰਦਰ ਵਿਦੇਸ਼ਾਂ ਡਾਇਰੈਕਟਰ ਪੰਜਾਬ ਵਾਟਰ ਸਪਲਾਈ, ਯਾਦਵਿੰਦਰ ਸਿੰਘ, ਰਣਜੀਤ ਸਿੰਘ ਡਾਇਰੈਕਟਰ ਆਫ ਗਰੈਪਲੰਗ ਕਮੇਟੀ ਪੰਜਾਬ, ਸਤਨਾਮ ਸਿੰਘ ਸੱਤਾ ਐਮਡੀ ਅਦਿਤਿਆ ਬੈਡਮਿੰਟਨ ਚੈਂਪੀਅਨਸ ਕਲੱਬ ਤੋਂ ਇਲਾਵਾ ਖਿਡਾਰੀ ਹਾਜ਼ਰ ਸਨ।

## ਪੰਜਾਬ 'ਚ ਆਪ ਸਰਕਾਰ ਦਾ ਤਾਨਾਸ਼ਾਹੀ ਰੂਪ ਹੋਇਆ ਬੇਨਕਾਬ, ਨਸ਼ਿਆਂ ਖ਼ਿਲਾਫ਼ ਆਵਾਜ਼ ਚੁੱਕਣ ਵਾਲੇ ਨੌਜਵਾਨ 'ਤੇ ਪੁਲਿਸ ਤਸ਼ੱਦਦ ਬੇਹੱਦ ਨਿੰਦਣਯੋਗ: ਜੈ ਇੰਦਰ ਕੌਰ

ਪਟਿਆਲਾ, 5 ਸਤੰਬਰ
-ਜੀ. ਐਸ. ਤੁੰਗ-

ਸੰਗਰੂਰ ਦੇ ਪਿੰਡ ਸ਼ੇਰੋ ਵਿਖੇ ਨਸ਼ਿਆਂ ਖ਼ਿਲਾਫ਼ ਆਵਾਜ਼ ਚੁੱਕਣ ਵਾਲੇ ਨੌਜਵਾਨ ਮੋਹਨਜੀਤ ਸਿੰਘ 'ਤੇ ਪੁਲਿਸ ਵੱਲੋਂ ਕੀਤੇ ਗਏ ਬੇਰਹਿਮ ਤਸ਼ੱਦਦ ਤੋਂ ਬਾਅਦ, ਪੰਜਾਬ ਭਾਜਪਾ ਮਹਿਲਾ ਮੋਰਚਾ ਦੀ ਪ੍ਰਧਾਨ ਜੈ ਇੰਦਰ ਕੌਰ ਅੱਜ ਸਰਕਾਰੀ ਰਾਜਿੰਦਰਾ ਹਸਪਤਾਲ, ਪਟਿਆਲਾ ਪਹੁੰਚੇ। ਉਨ੍ਹਾਂ ਨੇ ਐਮਰਜੈਂਸੀ ਵਾਰਡ ਵਿੱਚ ਦਾਖ਼ਲ ਨੌਜਵਾਨ ਦਾ ਹਾਲ-ਚਾਲ ਜਾਣਿਆ ਅਤੇ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਦੇ ਤਾਨਾਸ਼ਾਹੀ ਰਵੱਈਏ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ।

ਮੀਡੀਆ ਨਾਲ ਗੱਲਬਾਤ ਕਰਦਿਆਂ ਜੈ ਇੰਦਰ ਕੌਰ ਨੇ ਕਿਹਾ ਕਿ ਲੋਕਤੰਤਰ ਵਿੱਚ ਸਰਕਾਰ ਨੂੰ ਸਵਾਲ ਪੁੱਛਣਾ ਅਤੇ ਸ਼ਾਂਤਮਈ ਰੋਸ਼ ਪ੍ਰਦਰਸ਼ਨ ਕਰਨਾ ਹਰ ਨਾਗਰਿਕ ਦਾ ਸੰਵਿਧਾਨਿਕ ਅਧਿਕਾਰ ਹੈ। ਪ੍ਰੰਤੂ ਪਿੰਡ ਸ਼ੇਰੋ ਵਿਖੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ 'ਲੋਕ ਮਿਲਣੀ' ਦੌਰਾਨ ਨਸ਼ਿਆਂ ਖ਼ਿਲਾਫ਼ ਪ੍ਰਦਰਸ਼ਨ ਕਰ ਰਹੇ ਮੋਹਨਜੀਤ ਸਿੰਘ ਨਾਲ ਪੁਲਿਸ ਪ੍ਰਸ਼ਾਸਨ ਨੇ ਜੋ ਵਤੀਰਾ ਕੀਤਾ, ਉਹ ਬੇਹੱਦ ਸ਼ਰਮਨਾਕ ਅਤੇ ਨਿੰਦਣਯੋਗ ਹੈ। ਪੁਲਿਸ ਨੇ ਮੋਹਨਜੀਤ ਦੀ ਬੇਰਹਿਮੀ ਨਾਲ ਕੁੱਟਮਾਰ ਕੀਤੀ, ਉਸ ਦੇ ਕੇਸਾਂ ਦੀ ਬੇਅਦਬੀ ਕੀਤੀ ਅਤੇ ਕੁੱਟ ਕੇ ਕੰਨ ਦਾ ਪਰਦਾ ਤੱਕ ਪਾੜ ਦਿੱਤਾ। ਗੰਭੀਰ ਹਾਲਤ ਨੂੰ ਦੇਖਦਿਆਂ ਉਸ ਨੂੰ ਸੰਗਰੂਰ ਤੋਂ ਪਟਿਆਲਾ ਦੇ ਰਾਜਿੰਦਰ ਹਸਪਤਾਲ ਰੈਫ਼ਰ ਕਰਨਾ ਪਿਆ।



ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਤਿੱਖੇ ਨਿਸ਼ਾਨੇ ਸਾਧਦਿਆਂ ਭਾਜਪਾ ਆਗੂ ਨੇ ਕਿਹਾ ਕਿ ਅੱਜ ਪੰਜਾਬ ਅੰਦਰ ਜੋ ਵੀ ਆਪਣੇ ਹੱਕਾਂ ਲਈ ਆਵਾਜ਼ ਚੁੱਕਦਾ ਹੈ, ਉਸ 'ਤੇ ਲਾਠੀਚਾਰਜ ਕਰ ਦਿੱਤਾ ਜਾਂਦਾ ਹੈ। ਚਾਹੇ 2600 ਅਪ੍ਰੈਂਟਿਸ ਲਾਈਨਮੈਨ ਹੋਣ, ਕੱਚੇ ਸਫ਼ਾਈ ਕਰਮਚਾਰੀ, ਕੱਚੇ ਅਧਿਆਪਕ ਜਾਂ ਡੀ.ਏ. ਦੀ ਮੰਗ ਕਰ ਰਹੇ ਸਰਕਾਰੀ ਮੁਲਾਜ਼ਮ ਸਭ 'ਤੇ ਇਸ ਸਰਕਾਰ ਨੇ ਲਾਠੀਆਂ ਚਲਵਾਈਆਂ ਹਨ। ਉਨ੍ਹਾਂ ਸਵਾਲ ਕੀਤਾ ਕਿ ਕੀ 'ਆਪ' ਸਰਕਾਰ ਅਜਿਹਾ ਹੀ 'ਰੰਗਲਾ ਪੰਜਾਬ' ਬਣਾਉਣਾ ਚਾਹੁੰਦੀ ਸੀ ?

ਅੱਗੇ ਉਨ੍ਹਾਂ ਜੈ ਇੰਦਰ ਕੌਰ ਨੇ ਦੱਸਿਆ ਕਿ ਰਾਜਿੰਦਰਾ ਹਸਪਤਾਲ ਨੂੰ ਪੁਲਿਸ ਛਾਉਣੀ ਵਿੱਚ ਤਬਦੀਲ ਕਰ ਦਿੱਤਾ ਗਿਆ ਹੈ ਅਤੇ ਪੀੜਤ ਦੇ ਪਰਿਵਾਰਕ ਮੈਂਬਰਾਂ ਤੱਕ ਨੂੰ ਉਸ ਨਾਲ ਮਿਲਣ ਨਹੀਂ ਦਿੱਤਾ ਜਾ ਰਿਹਾ, ਜੋ ਕਿ ਸਰਕਾਰ ਦੀ ਬੌਖਲਾਹਟ ਅਤੇ ਤਾਨਾਸ਼ਾਹੀ ਦਾ ਸਪੱਸ਼ਟ ਪ੍ਰਮਾਣ ਹੈ।

## 15 ਸਤੰਬਰ ਤੋਂ ਬਾਅਦ ਇੱਕ ਹ.ਫ਼ਤੇ ਅੰਦਰ ਕੀਰਤਪੁਰ ਸਾਹਿਬ-ਨੰਗਲ ਮਾਰਗ ਦੀ ਹੋਵੇਗੀ ਮੁਕੰਮਲ ਮੁਰੰਮਤ : ਹਰਜੋਤ ਸਿੰਘ ਬੈਂਸ

ਸ੍ਰੀ ਆਨੰਦਪੁਰ ਸਾਹਿਬ, 7 ਸਤੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਕੀਰਤਪੁਰ ਸਾਹਿਬ ਤੋਂ ਨੰਗਲ ਨੂੰ ਜੋੜਨ ਵਾਲੇ ਮੁੱਖ ਮਾਰਗ ਦੀ ਖ਼ਸਤਾ ਹਾਲਤ ਨੂੰ ਲੈ ਕੇ ਕੈਬਨਿਟ ਮੰਤਰੀ ਅਤੇ ਸ੍ਰੀ ਅਨੰਦਪੁਰ ਸਾਹਿਬ ਤੋਂ ਹਲਕਾ ਵਿਧਾਇਕ ਹਰਜੋਤ ਸਿੰਘ ਬੈਂਸ ਨੇ ਕਿਹਾ ਹੈ ਕਿ ਸੜਕ ਦੀ ਮੁਰੰਮਤ ਦਾ ਕੰਮ 15 ਸਤੰਬਰ ਤੋਂ ਬਾਅਦ ਤੇਜ਼ੀ ਨਾਲ ਮੁਕੰਮਲ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਮੁਰੰਮਤ ਲਈ ਲੋੜੀਂਦਾ ਪਲਾਂਟ 15 ਸਤੰਬਰ ਤੱਕ ਬੰਦ ਹੋਣ ਕਾਰਨ ਕੰਮ ਵਿੱਚ ਦੇਰੀ ਹੋ ਰਹੀ ਹੈ। ਇਸ ਕਾਰਨ ਲੋਕਾਂ ਨੂੰ ਆ ਰਹੀ ਪ੍ਰੇਸ਼ਾਨੀ ਤੋਂ ਉਹ ਪੂਰੀ ਤਰ੍ਹਾਂ ਜਾਣੂ ਹਨ। ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪਿਛਲੇ ਕੁਝ ਦਿਨਾਂ ਤੋਂ ਰੋਜ਼ਾਨਾ ਹੋ ਰਹੀ ਬਾਰਿਸ਼ ਕਾਰਨ ਕੀਰਤਪੁਰ ਸਾਹਿਬ-ਨੰਗਲ ਮੁੱਖ ਮਾਰਗ 'ਤੇ ਕਈ ਥਾਵਾਂ 'ਤੇ ਸੜਕ ਦੀ ਹਾਲਤ ਹੋਰ ਵੀ ਖ਼ਸਤਾ ਹੋਈ ਹੈ। ਲਗਾਤਾਰ ਮੀਂਹ ਪੈਣ ਕਾਰਨ ਸੜਕ ਦੀ ਮੁਰੰਮਤ ਦਾ ਕੰਮ ਪ੍ਰਭਾਵਿਤ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਸੜਕ ਦੀ ਮੁਰੰਮਤ ਸਬੰਧੀ ਸਬੰਧਤ ਵਿਭਾਗ ਦੇ ਅਧਿਕਾਰੀਆਂ ਨਾਲ ਲਗਾਤਾਰ ਤਾਲਮੇਲ ਕੀਤਾ ਜਾ ਰਿਹਾ ਹੈ ਅਤੇ ਲੋਕਾਂ ਦੀ ਸਮੱਸਿਆ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਯਤਨ ਕੀਤੇ ਜਾ ਰਹੇ ਹਨ। ਕੈਬਨਿਟ ਮੰਤਰੀ ਨੇ ਸਪੱਸ਼ਟ ਕੀਤਾ ਕਿ 15 ਸਤੰਬਰ ਨੂੰ ਪਲਾਂਟ ਖੁੱਲ੍ਹਣ ਉਪਰੰਤ ਮੁਰੰਮਤ ਦਾ ਕੰਮ ਪੂਰੀ ਗਤੀ ਨਾਲ ਸ਼ੁਰੂ ਕਰ ਦਿੱਤਾ ਜਾਵੇਗਾ ਅਤੇ ਇੱਕ ਹਫ਼ਤੇ ਦੇ ਅੰਦਰ ਕੀਰਤਪੁਰ ਸਾਹਿਬ ਤੋਂ ਨੰਗਲ ਤੱਕ ਪੂਰੇ ਮੁੱਖ ਮਾਰਗ ਦੀ ਮੁਰੰਮਤ ਮੁਕੰਮਲ ਕਰਨ ਦਾ ਟੀਚਾ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਲੋਕਾਂ ਨੂੰ ਬਿਹਤਰ ਸੜਕੀ ਸਹੂਲਤਾਂ ਦੇਣ ਲਈ ਲੋੜੀਂਦੇ ਕਦਮ ਚੁੱਕੇ ਜਾ ਰਹੇ ਹਨ ਅਤੇ ਕੰਮ ਦੀ ਗੁਣਵੱਤਾ 'ਤੇ ਵੀ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ। ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਇਹ ਮਾਰਗ ਸ੍ਰੀ ਅਨੰਦਪੁਰ ਸਾਹਿਬ, ਕੀਰਤਪੁਰ ਸਾਹਿਬ ਅਤੇ ਨੰਗਲ ਸਮੇਤ ਆਸ-ਪਾਸ ਦੇ ਇਲਾਕਿਆਂ ਦੇ ਲੋਕਾਂ ਲਈ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਮੁਰੰਮਤ ਦਾ ਕੰਮ ਪੂਰਾ ਹੋਣ ਨਾਲ ਆਵਾਜਾਈ ਨੂੰ ਵੱਡੀ ਰਾਹਤ ਮਿਲੇਗੀ। ਉਨ੍ਹਾਂ ਸੜਕ ਦੀ ਖ਼ਸਤਾ ਹਾਲਤ ਕਾਰਨ ਆਮ ਲੋਕਾਂ ਨੂੰ ਹੋ ਰਹੀ ਮੁਸ਼ਕਿਲ ਲਈ ਦਿਲੋਂ ਮੁਆਫ਼ੀ ਮੰਗਦਿਆਂ ਕਿਹਾ ਕਿ ਲੋਕਾਂ ਦੀਆਂ ਮੁਸ਼ਕਿਲਾਂ ਦਾ ਹੱਲ ਕਰਨਾ ਸਰਕਾਰ ਦੀ ਮੁੱਖ ਤਰਜੀਹ ਹੈ।






## ਕੋਈ ਵੀ ਯੋਗ ਨਾਗਰਿਕ ਵੋਟਰ ਸੂਚੀ ਤੋਂ ਬਾਹਰ ਨਾ ਰਹੇ : ਰਾਹੁਲ ਭੰਡਾਰੀ



ਤਰਨਤਾਰਨ, 7 ਸਤੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਸੀਨੀਅਰ ਆਈ.ਏ.ਐਸ ਅਧਿਕਾਰੀ ਅਤੇ ਵਿੱਤ ਕਮਿਸ਼ਨਰ ਪਸ਼ੂ ਪਾਲਣ, ਮੱਛੀ ਪਾਲਣ ਤੇ ਡੇਅਰੀ ਵਿਕਾਸ ਪੰਜਾਬ ਰਾਹੁਲ ਭੰਡਾਰੀ, ਜਿਨ੍ਹਾਂ ਨੂੰ ਭਾਰਤ ਚੋਣ ਕਮਿਸ਼ਨ ਵੱਲੋਂ ਵਿਸ਼ੇਸ਼ ਗਹਿਰੀ ਸੁਧਾਈ (ਐਸ.ਆਈ.ਆਰ) 2026 ਸਬੰਧੀ ਤਰਨ ਤਾਰਨ ਅਤੇ ਕਪੂਰਥਲਾ ਜ਼ਿਲ੍ਹਿਆਂ ਦਾ ਰੋਲ ਆਬਜ਼ਰਵਰ ਨਿਯੁਕਤ ਕੀਤਾ ਗਿਆ ਹੈ, ਵੱਲੋਂ ਅੱਜ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਸ੍ਰੀ ਰਾਹੁਲ ਸਮੇਤ ਚੋਣਕਾਰ ਰਜਿਸਟਰੇਸ਼ਨ ਅਫ਼ਸਰਾਂ, ਸਹਾਇਕ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਅਤੇ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ ਗਈ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਹੋਈ ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਰਾਹੁਲ ਭੰਡਾਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਤਰਨ ਤਾਰਨ ਜ਼ਿਲ੍ਹੇ ਦਾ ਕੋਈ ਵੀ ਯੋਗ ਨਾਗਰਿਕ, ਵੋਟਰ ਸੂਚੀ ਤੋਂ ਬਾਹਰ ਨਹੀਂ ਰਹਿਣਾ ਚਾਹੀਦਾ। ਉਨ੍ਹਾਂ ਕਿਹਾ ਕਿ ਐਸ.ਆਈ.ਆਰ ਦੌਰਾਨ ਜੇਕਰ ਕਿਸੇ ਯੋਗ ਨਾਗਰਿਕ ਦਾ ਨਾਮ ਡ੍ਰਾਫਟ ਵੋਟਰ ਸੂਚੀ ਵਿੱਚੋਂ ਬਾਹਰ ਰਹਿ ਗਿਆ ਹੈ ਜਾਂ ਕੋਈ ਆਪਣੀ ਨਵੀਂ ਵੋਟ ਬਣਵਾਉਣਾ ਚਾਹੁੰਦਾ ਹੈ ਤਾਂ ਉਹ ਚੋਣ ਕਮਿਸ਼ਨ ਵੱਲੋਂ ਨਿਰਧਾਰਤ ਫਾਰਮ ਭਰਕੇ ਸਮੇਤ ਲੋੜੀਂਦੇ ਦਸਤਾਵੇਜ਼ਾਂ ਦੇ ਆਪਣੇ ਬੀ.ਐਲ.ਓ ਨਾਲ 12 ਸਤੰਬਰ 2026 ਤੱਕ ਸੰਪਰਕ ਕਰ ਸਕਦਾ ਹੈ। ਉਨ੍ਹਾਂ ਹਦਾਇਤ ਕੀਤੀ ਕਿ ਇਸ ਸਬੰਧੀ ਸਕੂਲਾਂ-ਕਾਲਜਾਂ ਦੇ ਯੋਗ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਜਾਗਰੂਕ ਕਰਕੇ ਵੋਟ ਬਣਾਉਣ ਲਈ ਪ੍ਰੇਰਿਤ ਕੀਤਾ ਜਾਵੇ। ਉਨ੍ਹਾਂ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਉਹ ਵੋਟਰ ਸੂਚੀ ਨੂੰ ਸ਼ੁੱਧ ਅਤੇ ਤਰੁੱਟੀ-ਰਹਿਤ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਦਾ ਪੂਰਾ ਸਹਿਯੋਗ ਕਰਨ। ਇਸ ਦੌਰਾਨ ਉਨ੍ਹਾਂ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਤੋਂ ਵਡਮੁੱਲੇ ਸੁਝਾਅ ਵੀ ਲਏ।

ਰੋਲ ਆਬਜ਼ਰਵਰ ਨੇ ਕਿਹਾ ਕਿ ਐਸ.ਆਈ.ਆਰ ਦਾ ਮੁੱਖ ਉਦੇਸ਼ ਸ਼ੁੱਧ, ਸਹੀ ਅਤੇ ਤਰੁੱਟੀ-ਰਹਿਤ ਵੋਟਰ ਸੂਚੀਆਂ ਤਿਆਰ ਕਰਨਾ ਹੈ। ਉਨ੍ਹਾਂ ਦੱਸਿਆ ਕਿ ਵੋਟਰ ਸੂਚੀ, ਵੋਟਰ ਸੇਵਾਵਾਂ ਅਤੇ ਐਸ.ਆਈ.ਆਰ ਪ੍ਰਕਿਰਿਆ ਸਬੰਧੀ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਲਈ ਵੋਟਰ ਹੈਲਪਲਾਈਨ ਨੰਬਰ 1950 'ਤੇ ਸੰਪਰਕ ਕੀਤਾ ਜਾ ਸਕਦਾ ਹੈ।

ਉਨ੍ਹਾਂ ਕਿਹਾ ਕਿ ਜਿਹੜਾ ਨਾਗਰਿਕ ਯੋਗਤਾ ਮਿਤੀ 1 ਅਕਤੂਬਰ 2026 ਦੇ ਆਧਾਰ 'ਤੇ ਵੋਟਰ ਵਜੋਂ ਨਾਮ ਦਰਜ ਕਰਵਾਉਣ ਲਈ ਯੋਗ ਹੈ, ਉਹ 12 ਸਤੰਬਰ 2026 ਤੱਕ ਫਾਰਮ ਨੰਬਰ 6 ਦੇ ਨਾਲ ਘੋਸ਼ਣਾ ਪੱਤਰ ਜਮ੍ਹਾ ਕਰਵਾ ਸਕਦਾ ਹੈ। ਇਸੇ ਤਰ੍ਹਾਂ ਫਾਰਮ 6 ਏ (ਐਨ.ਆਰ.ਆਈ. ਵੋਟਰਾਂ ਦੀ ਰਜਿਸਟ੍ਰੇਸ਼ਨ ਲਈ), ਫਾਰਮ 7 (ਨਾਮ ਕਟਵਾਉਣ ਲਈ) ਅਤੇ ਫਾਰਮ 8 (ਸੋਧ ਅਤੇ ਇਕ ਸਥਾਨ ਤੋਂ ਦੂਜੇ ਸਥਾਨ 'ਤੇ ਤਬਦੀਲੀ ਲਈ) ਵੀ ਉਕਤ ਸਮੇਂ ਦੌਰਾਨ ਜਮ੍ਹਾ ਕਰਵਾਏ ਜਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਸ ਮਿਆਦ ਦੌਰਾਨ ਪ੍ਰਾਪਤ ਸਾਰੇ ਦਾਅਵਿਆਂ ਅਤੇ ਇਤਰਾਜ਼ਾਂ ਦਾ ਨਿਪਟਾਰਾ 8 ਅਕਤੂਬਰ 2026 ਤੱਕ ਕੀਤਾ ਜਾਵੇਗਾ ਅਤੇ ਅੰਤਿਮ ਵੋਟਰ ਸੂਚੀ ਦੀ ਪ੍ਰਕਾਸ਼ਨਾ 12 ਅਕਤੂਬਰ 2026 ਨੂੰ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਵੋਟਰ ਆਪਣੀ ਸਹੂਲਤ ਅਨੁਸਾਰ ਇਹ ਫਾਰਮ ਆਨਲਾਈਨ voters.eci.gov.in ਉੱਤੇ ਜਾਂ 539©5" ਮੋਬਾਈਲ ਐਪ 'ਤੇ ਵੀ ਭਰ ਸਕਦੇ ਹਨ।

ਉਨ੍ਹਾਂ ਅੱਗੇ ਦੱਸਿਆ ਕਿ ਨੋਟਿਸ ਪੜਾਅ ਦੌਰਾਨ ਮੈਪ ਨਾ ਹੋਣ ਵਾਲੇ ਅਤੇ ਅਨਾਮਲੀਜ਼ (ਕਮੀਆਂ-ਪੇਸ਼ੀਆਂ) ਵਾਲੇ ਵੋਟਰਾਂ ਨੂੰ 13 ਅਗਸਤ 2026 ਤੋਂ ਨੋਟਿਸ ਜਾਰੀ ਕੀਤੇ ਜਾ ਰਹੇ ਹਨ ਅਤੇ ਬੀ.ਐਲ.ਓਜ਼ ਵੱਲੋਂ ਦਸਤਾਵੇਜ਼ ਵੀ ਇਕੱਤਰ ਕੀਤੇ ਜਾ ਰਹੇ ਹਨ। ਉਹਨਾਂ ਕਿਹਾ ਕਿ ਨੋਟਿਸਾਂ ਦੀ ਸੁਣਵਾਈ ਸਬੰਧਤ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ/ ਸਹਾਇਕ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ/ਵਧੀਕ ਸਹਾਇਕ ਚੋਣਕਾਰ ਰਜਿਸਟ੍ਰੇਸ਼ਨ ਅਫਸਰਾਂ ਵੱਲੋਂ ਕੀਤੀ ਜਾ ਰਹੀ ਹੈ ਅਤੇ ਇਨ੍ਹਾਂ ਸਾਰੇ ਨੋਟਿਸਾਂ ਦਾ ਨਿਪਟਾਰਾ 8 ਅਕਤੂਬਰ 2026 ਤੱਕ ਕੀਤਾ ਜਾਣਾ ਹੈ। ਇਸ ਦੌਰਾਨ ਉਨ੍ਹਾਂ ਜ਼ਿਲ੍ਹੇ ਵਿੱਚ ਐਸ.ਆਈ.ਆਰ ਸੰਬੰਧੀ ਚੱਲ ਰਹੇ ਕੰਮ 'ਤੇ ਤਸੱਲੀ ਦਾ ਪ੍ਰਗਟਾਵਾ ਕੀਤਾ ਅਤੇ ਇਸ ਕੰਮ ਵਿੱਚ ਲੱਗੇ ਅਧਿਕਾਰੀਆਂ ਦੀ ਸ਼ਲਾਘਾ ਕੀਤੀ। ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਵਿੱਚ ਚੱਲ ਰਹੀ ਵਿਸ਼ੇਸ਼ ਗਹਿਰੀ ਸੁਧਾਈ ਬਾਰੇ ਜਾਣਕਾਰੀ ਰੋਲ ਆਬਜ਼ਰਵਰ ਨਾਲ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਚੋਣ ਕਮਿਸ਼ਨ ਦੀਆਂ ਹ ?ਦਾਇਤਾਂ ਮੁਤਾਬਿਕ ਐਸ.ਆਈ.ਆਰ. ਪ੍ਰਕਿਰਿਆ ਨੂੰ ਨਿਰਵਿਘਨ ਤੇ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਯਤਨਸ਼ੀਲ ਹੈ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਆਦਿੱਤਿਆ ਸ਼ਰਮਾ, ਐਸ.ਡੀ.ਐਮ ਤਰਨ ਤਾਰਨ ਡਾ. ਕਰਨਵੀਰ ਸਿੰਘ, ਐਸ.ਡੀ.ਐਮ ਪੱਟੀ ਅਮਨਦੀਪ ਸਿੰਘ, ਐਸ.ਡੀ.ਐਮ ਭਿੱਖੀਵਿੰਡ ਜਗਦੀਪ ਸਿੰਘ, ਐਸ.ਡੀ.ਐਮ ਖਡੂਰ ਸਾਹਿਬ ਸੰਜੀਵ ਸ਼ਰਮਾ, ਚੋਣ ਤਹਿਸੀਲਦਾਰ ਇੰਦਰਜੀਤ ਸਿੰਘ ਅਤੇ ਚੋਣ ਕਾਨੂੰਗੋ ਦਿਲਬਾਗ ਸਿੰਘ ਤੋਂ ਇਲਾਵਾ ਸਮੂਹ ਸਹਾਇਕ ਚੋਣਕਾਰ ਰਿਟਰਨਿੰਗ ਅਫਸਰ ਅਤੇ ਵੱਖ-ਵੱਖ ਸਿਆਸੀ ਪਾਰਟੀਆਂ ਦੇ ਨੁਮਾਇੰਦੇ ਮੌਜੂਦ ਸਨ।

ਇਸ ਦੌਰਾਨ ਰੋਲ ਆਬਜ਼ਰਵਰ ਰਾਹੁਲ ਭੰਡਾਰੀ ਵੱਲੋਂ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਸ੍ਰੀ ਰਾਹੁਲ ਅਤੇ ਹੋਰਨਾਂ ਅਧਿਕਾਰੀਆਂ ਸਮੇਤ ਜ਼ਿਲ੍ਹੇ ਦੇ ਵੱਖ-ਵੱਖ ਪੋਲਿੰਗ ਬੂਥਾਂ ਦਾ ਦੌਰਾ ਕਰਕੇ ਉੱਥੇ ਐਸ.ਆਈ.ਆਰ ਸਬੰਧੀ ਲੱਗੇ ਵਿਸ਼ੇਸ਼ ਕੈਂਪਾਂ ਦਾ ਵੀ ਕੀਤਾ ਨਿਰੀਖਣ ਕੀਤਾ ਗਿਆ।



# ਹਰਿਆਣਾ ਖ਼ਬਰਨਾਮਾ



## ਨਸ਼ਿਆਂ ਤੋਂ ਦੂਰ ਰਹਿਣ ਨੌਜਵਾਨ: ਨਾਇਬ ਸਿੰਘ ਸੈਣੀ




**ਯਮੁਨਾਨਗਰ, 7 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਕਿਸੇ ਵੀ ਦੇਸ਼ ਦੀ ਸਭ ਤੋਂ ਵੱਡੀ ਜਾਇਦਾਦ ਉਸ ਦੇ ਨੌਜਵਾਨ ਹੁੰਦੇ ਹਨ। ਜੇ ਨੌਜਵਾਨ ਸਿਹਤਮੰਦ, ਅਨੁਸ਼ਾਸਿਤ ਅਤੇ ਨਸ਼ਿਆਂ ਤੋਂ ਮੁਕਤ ਹੋਣਗੇ ਤਾਂ ਇੱਕ ਵਿਕਸਤ ਭਾਰਤ ਦਾ ਸੁਪਨਾ ਬਿਨਾਂ ਸ਼ੱਕ ਪੂਰਾ ਹੋਵੇਗਾ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਅੱਜ ਯਮੁਨਾਨਗਰ ਵਿੱਚ ‘ਨਸ਼ਿਆਂ ਖ਼ਿਲਾਫ਼ ਜੰਗ, ਯਮੁਨਾਨਗਰ ਦੇ ਸੰਗ’ ਮੈਰਾਥਨ ਸਮਾਗਮ ਦੌਰਾਨ ਸੰਬੋਧਨ ਕਰ ਰਹੇ ਸਨ। ਇਸ ਦੌਰਾਨ ਉਨ੍ਹਾਂ ਮੈਰਾਥਨ ਨੂੰ ਹਰੀ ਝੰਡੀ ਦਿਖਾਉਣ ਮਗਰੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦੀ ਸਹੁੰ ਚੁਕਾਈ। ਇਸ ਮੌਕੇ ਮੁੱਖ ਮੰਤਰੀ ਨੇ ਖੁਸ਼ੀ ਪ੍ਰਗਟ ਕੀਤੀ ਕਿ ਯਮੁਨਾਨਗਰ ਦੇ ਨੌਜਵਾਨ, ਬੱਚੇ, ਧੀਆਂ, ਬਜ਼ੁਰਗ ਅਤੇ ਔਰਤਾਂ ਉਨ੍ਹਾਂ ਨਾਲ ਇਕਜੁੱਟ ਹੋ ਕੇ ‘ਨਸ਼ਿਆਂ ਵਿਰੁੱਧ ਜੰਗ, ਯਮੁਨਾਨਗਰ ਦੇ ਸੰਗ’ ਦਾ ਨਾਅਰਾ ਬੁਲੰਦ ਕਰ ਰਹੇ ਹਨ ।

ਉਨ੍ਹਾਂ ਕਿਹਾ ਕਿ ਯਮੁਨਾਨਗਰ ਦੇ ਨੌਜਵਾਨਾਂ ਨੇ ਫੈਸਲਾ ਕੀਤਾ ਹੈ ਕਿ ਉਹ ਨਸ਼ਿਆਂ ਵੱਲ ਨਹੀਂ, ਸਗੋਂ ਸਮਾਜ ਨੂੰ ਨਸ਼ਾ ਮੁਕਤ ਬਣਾਉਣ ਅਤੇ ਆਪਣੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਦੌੜਨਗੇ। ਇਹ ਸਮਾਗਮ ਸਿਰਫ਼ 5-ਕਿਲੋਮੀਟਰ ਜਾਂ 10-ਕਿਲੋਮੀਟਰ ਦੌੜ ਨਹੀਂ ਹੈ, ਸਗੋਂ ਨਸ਼ਿਆਂ ਦੀ ਸਮਾਜਿਕ ਬੁਰਾਈ ਵਿਰੁੱਧ ਇੱਕ ਜਨ ਜਾਗਰੂਕਤਾ ਮੁਹਿੰਮ ਹੈ। ਇੱਕ ਅਜਿਹੀ ਮੁਹਿੰਮ ਜਿਸ ਦੀ ਆਵਾਜ਼ ਪੂਰੇ ਹਰਿਆਣਾ ਵਿੱਚ ਗੂੰਜੇਗੀ। ਇਹ ਪ੍ਰੋਗਰਾਮ ‘ਹਰਿਆਣਾ ਉਦੈ’ ਪ੍ਰੋਗਰਾਮ ਤਹਿਤ ਇੱਕ ਵੱਡੀ ਪਹਿਲਕਦਮੀ ਵੀ ਹੈ। ਮਇਸ ਮੌਕੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ 10 ਕਿਲੋਮੀਟਰ ਦੌੜ ਵਿੱਚ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਭਾਗੀਦਾਰਾਂ ਦਾ ਇਨਾਮਾਂ ਨਾਲ ਸਨਮਾਨ ਕੀਤਾ। ਪੁਰਸ਼ ਵਰਗ ਵਿੱਚ ਮਹਿੰਦਰਗੜ੍ਹ ਦੇ ਮੋਹਿਤ ਨੂੰ 1 ਲੱਖ ਰੁਪਏ ਦਾ ਪਹਿਲਾ ਇਨਾਮ, ਸੱਤਿਅਮ ਨੂੰ 75,000 ਰੁਪਏ ਦਾ ਦੂਜਾ ਇਨਾਮ ਅਤੇ ਉੱਤਰ ਪ੍ਰਦੇਸ਼ ਦੇ ਸਚਿਨ ਯਾਦਵ ਨੂੰ 51,000 ਰੁਪਏ ਦਾ ਤੀਜਾ ਇਨਾਮ ਮਿਲਿਆ।

ਮਹਿਲਾ ਵਰਗ ਵਿੱਚ ਸੋਨੀਪਤ ਦੀ ਭਾਰਤੀ ਨੂੰ 1 ਲੱਖ ਦਾ ਪਹਿਲਾ ਇਨਾਮ, ਭਿਵਾਨੀ ਦੀ ਸੋਨਿਕਾ ਨੂੰ 75,000 ਦਾ ਦੂਜਾ ਇਨਾਮ ਅਤੇ ਲਖਨਊ ਦੀ ਸ਼ਸ਼ੀ ਲਤਾ ਨੂੰ 51,000 ਦਾ ਤੀਜਾ ਇਨਾਮ ਮਿਲਿਆ। ਇਸ ਤੋਂ ਇਲਾਵਾ ਪਾਣੀਪਤ ਦੇ 73 ਸਾਲਾ ਤ੍ਰਿਲੋਕੀ ਨਾਥ ਨੇ ਇਸ ਸਮਾਗਮ ਵਿੱਚ ਹਿੱਸਾ ਲਿਆ ਅਤੇ 10 ਕਿਲੋਮੀਟਰ ਦੀ ਦੌੜ ਪੂਰੀ ਕਰਨ ’ਤੇ ਉਨ੍ਹਾਂ ਨੂੰ ਇੱਕ ਵਿਸ਼ੇਸ਼ ਸ਼੍ਰੇਣੀ ਵਿੱਚ ਇਨਾਮ ਦਿੱਤਾ ਗਿਆ। ਡਿਪਟੀ ਕਮਿਸ਼ਨਰ ਪ੍ਰੀਤੀ ਨੇ ਦੱਸਿਆ ਕਿ ਇਸ ਦੌੜ ਲਈ ਯਮੁਨਾਨਗਰ ਦੇ ਨਾਲ-ਨਾਲ ਗੁਆਂਢੀ ਰਾਜਾਂ ਤੋਂ ਲਗਭਗ 1.25 ਲੱਖ ਲੋਕਾਂ ਨੇ ਰਜਿਸਟ੍ਰੇਸ਼ਨ ਕਰਵਾਈ ਸੀ। ਅੰਦਾਜ਼ਨ 70,000 ਲੋਕਾਂ ਨੇ ਦੌੜ ਵਿੱਚ ਹਿੱਸਾ ਲਿਆ, ਜਿਸ ਨਾਲ ਇੱਕ ਰਿਕਾਰਡ ਕਾਇਮ ਹੋਇਆ।

## ਰਾਜ ਜੈਵ ਵਿਵਿਧਤਾ ਬੋਰਡਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਜੈਵ ਵਿਵਿਧਤਾ ਪਰਿਸ਼ਦਾਂ ਦੀ 16ਵੀਂ ਰਾਸ਼ਟਰੀ ਮੀਟਿੰਗ ਚੰਡੀਗੜ੍ਹ ਵਿੱਚ ਸ਼ੁਰ

**ਚੰਡੀਗੜ੍ਹ, 5 ਸਤੰਬਰ**
**-ਮਨੋਜ ਵਰਮਾ-**

ਰਾਜ ਜੈਵ ਵਿਵਿਧਤਾ ਬੋਰਡਾਂ (ਐੱਸਬੀਬੀਜ਼) ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਜੈਵ ਵਿਵਿਧਤਾ ਪਰਿਸ਼ਦਾਂ (ਯੂਟੀਬੀਸੀਜ਼) ਦੀ 16ਵੀਂ ਰਾਸ਼ਟਰੀ ਮੀਟ ਦਾ ਉਦਘਾਟਨ ਅੱਜ ਚੰਡੀਗੜ੍ਹ ਵਿੱਚ ਕੀਤਾ ਗਿਆ। ਰਾਸ਼ਟਰੀ ਜੈਵਵਿਵਿਧਤਾ ਅਥਾਰਿਟੀ (ਐੱਨਬੀਏ) ਦੁਆਰਾ ਆਯੋਜਿਤ, 6-7 ਸਤੰਬਰ, 2026 ਤੱਕ ਹੋਣ ਵਾਲੀ ਇਸ ਦੋ ਦਿਨਾਂ ਦੀ ਮੀਟ ਵਿੱਚ ਦੇਸ਼ ਭਰ ਦੇ ਰਾਜ ਜੈਵ ਵਿਵਿਧਤਾ ਬੋਰਡਾਂ (ਐੱਸਬੀਬੀਜ਼) ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਜੈਵ ਵਿਵਿਧਤਾ ਪਰਿਸ਼ਦਾਂ (ਯੂਟੀਬੀਸੀਜ਼) ਦੇ ਚੇਅਰਪਰਸਨ ਅਤੇ ਮੈਂਬਰ ਸਕੱਤਰਾਂ ਦੇ ਨਾਲ-ਨਾਲ ਸੀਨੀਅਰ ਅਧਿਕਾਰੀਆਂ, ਮਾਹਰਾਂ ਅਤੇ ਵਿਗਿਆਨੀਆਂ ਨੇ ਹਿੱਸਾ ਲਿਆ ਹੈ।ਉਦਘਾਟਨੀ ਸੈਸ਼ਨ ਵਿੱਚ ਪੰਜਾਬ ਦੇ ਰਾਜਪਾਲ ਅਤੇ ਪ੍ਰਸ਼ਾਸਕ, ਯੂ.ਟੀ. ਚੰਡੀਗੜ੍ਹ, ਸ਼੍ਰੀ ਗੁਲਾਬ ਚੰਦ ਕਟਾਰੀਆ; ਕੇਂਦਰੀ ਵਾਤਾਵਰਣ, ਵਣ ਅਤੇ ਜਲਵਾਯੂ ਪਰਿਵਰਤਨ ਮੰਤਰੀ, ਸ਼੍ਰੀ ਭੂਪੇਂਦਰ ਯਾਦਵ; ਅਤੇ ਹਰਿਆਣਾ ਸਰਕਾਰ ਦੇ ਵਾਤਾਵਰਣ, ਵਣ ਅਤੇ ਵਣਜੀਵ ਮੰਤਰੀ, ਸ਼੍ਰੀ ਰਾਓ ਨਰਬੀਰ ਸਿੰਘ ਸ਼ਾਮਲ ਹੋਏ।

ਇਸ ਅਵਸਰ ’ਤੇ ਮੌਜੂਦ ਹੋਰ ਪਤਵੰਤਿਆਂ ਵਿੱਚ ਵਾਤਾਵਰਣ, ਵਣ ਅਤੇ ਜਲਵਾਯੂ ਪਰਿਵਰਤਨ



ਮੰਤਰਾਲੇ (ਐੱਮਓਈਐੱਫਸੀਸੀ) ਦੇ ਸਕੱਤਰ, ਸ਼੍ਰੀ ਤਨਮਯ ਕੁਮਾਰ; ਵਣ ਦੇ ਡਾਇਰੈਕਟਰ ਜਨਰਲ ਅਤੇ ਵਿਸ਼ੇਸ਼ ਸਕੱਤਰ, ਵਾਤਾਵਰਣ, ਵਣ ਅਤੇ ਜਲਵਾਯੂ ਪਰਿਵਰਤਨ ਮੰਤਰਾਲੇ (ਐੱਮਓਈਐੱਫਸੀਸੀ), ਸ਼੍ਰੀ ਸੁਸ਼ੀਲ ਕੁਮਾਰ ਅਵਸਥੀ; ਵਾਤਾਵਰਣ, ਵਣ ਅਤੇ ਜਲਵਾਯੂ ਪਰਿਵਰਤਨ ਮੰਤਰਾਲੇ (ਐੱਮਓਈਐੱਫਸੀਸੀ) ਦੇ ਐਡੀਸ਼ਨਲ ਸਕੱਤਰ, ਸ਼੍ਰੀ ਆਸ਼ੂਤੋਸ਼ ਅਗਨੀਹੋਤਰੀ; ਰਾਸ਼ਟਰੀ ਜੈਵ ਵਿਵਿਧਤਾ ਅਥਾਰਿਟੀ ਦੇ ਚੇਅਰਪਰਸਨ, ਸ਼੍ਰੀ ਵੀਰੇਂਦਰ ਤਿਵਾਰੀ; ਅਤੇ ਕੇਂਦਰੀ ਮੰਤਰਾਲੇ, ਰਾਜ ਜੈਵ ਵਿਵਿਧਤਾ ਬੋਰਡਾਂ (ਐੱਸਬੀਬੀਜ਼) ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਜੈਵ ਵਿਵਿਧਤਾ ਪਰਿਸ਼ਦਾਂ (ਯੂਟੀਬੀਸੀਜ਼) ਦੇ ਹੋਰ ਸੀਨੀਅਰ ਅਧਿਕਾਰੀ ਵੀ ਸ਼ਾਮਲ ਸਨ। ਇਸ ਅਵਸਰ ’ਤੇ ਸ਼੍ਰੀ ਮਨਦੀਪ ਸਿੰਘ ਬਰਾੜ, ਗ੍ਰਹਿ ਸਕੱਤਰ ਯੂਟੀ ਚੰਡੀਗੜ੍ਹ ਅਤੇ ਸ਼੍ਰੀ ਸੌਰਹ ਕੁਮਾਰ, ਸਕੱਤਰ ਸਾਇੰਸ ਐਂਡ ਟੈਕਨਾਲੋਜੀ ਅਤੇ ਅਖੁੱਟ ਊਰਜਾ, ਯੂਟੀ ਚੰਡੀਗੜ੍ਹ ਵੀ ਹਾਜ਼ਰ ਸਨ।

ਇਕੱਠ ਨੂੰ ਸੰਬੋਧਨ ਕਰਦੇ ਹੋਏ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਭਾਰਤ ਦੀ ਸਮ੍ਰਿੱਧ ਜੈਵਿਕ ਵਿਰਾਸਤ ਅਤੇ ਪਰੰਪਰਾਗਤ ਵਾਤਾਵਰਣਕ ਕਦਰਾਂ-ਕੀਮਤਾਂ ’ਤੇ ਪ੍ਰਕਾਸ਼ ਪਾਇਆ। ਉਨ੍ਹਾਂ ਨੇ ਕਿਹਾ ਕਿ ਵਾਤਾਵਰਣ ਸੁਰੱਖਿਆ ਭੋਜਨ ਅਤੇ ਪਾਣੀ ਸੁਰੱਖਿਆ, ਆਜੀਵਿਕਾ ਅਤੇ ਟਿਕਾਊ ਵਿਕਾਸ ਨਾਲ ਨੇੜਿਓਂ ਜੁੜੀ ਹੋਈ ਹੈ। ਉਨ੍ਹਾਂ ਨੇ ਸਮਕਾਲੀ ਸੰਭਾਲ਼ ਪਹੁੰਚਾਂ ਨਾਲ ਰਵਾਇਤੀ ਗਿਆਨ ਅਤੇ ਭਾਈਚਾਰਕ ਭਾਗੀਦਾਰੀ ਨੂੰ ਜੋੜਨ ਦੇ ਮਹੱਤਵ ਨੂੰ ਰੇਖਾਂਕਿਤ ਕੀਤਾ।

ਰਾਜਪਾਲ ਨੇ ਪੰਜਾਬ ਅਤੇ ਚੰਡੀਗੜ੍ਹ ਦੇ ਵੈਟਲੈਂਡਜ਼, ਨਦੀ ਦੇ ਵਾਤਾਵਰਣ ਤੰਤਰਾਂ ਅਤੇ ਖੇਤੀਬਾੜੀ ਜੈਵ ਵਿਵਿਧਤਾ ਦੇ ਵਾਤਾਵਰਣਕ ਮਹੱਤਵ ਵੱਲ ਵੀ ਧਿਆਨ ਖਿੱਚਿਆ। ਉਨ੍ਹਾਂ ਨੇ ਜੈਵ ਵਿਵਿਧਤਾ ਪ੍ਰਬੰਧਨ ਕਮੇਟੀਆਂ ਅਤੇ ਜਨ ਜੈਵ ਵਿਵਿਧਤਾ ਰਜਿਸਟਰਾਂ ਨੂੰ ਮਜ਼ਬੂਤ ? ?ਕਰਨ ਦੀ ਜ਼ਰੂਰਤ ’ਤੇ ਬਲ ਦਿੱਤਾ ਅਤੇ ਜੈਵ ਵਿਵਿਧਤਾ ਸੰਸਥਾਵਾਂ ਅਤੇ ਸਥਾਨਕ ਭਾਈਚਾਰਿਆਂ ਦੇ ਦਰਮਿਆਨ ਬਿਹਤਰ ਤਾਲਮੇਲ ਦਾ ਸੱਦਾ ਦਿੱਤਾ।

ਆਪਣੇ ਸੰਬੋਧਨ ਵਿੱਚ ਸ਼੍ਰੀ ਭੂਪੇਂਦਰ ਯਾਦਵ ਨੇ ਭਾਰਤ ਦੀਆਂ ਪ੍ਰਾਚੀਨ ਵਾਤਾਵਰਣਕ ਕਦਰਾਂ-ਕੀਮਤਾਂ ’ਤੇ ਪ੍ਰਕਾਸ਼ ਪਾਇਆ ਅਤੇ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦੇ ਵਿਜ਼ਨ ਦੇ ਤਹਿਤ ਕੀਤੀਆਂ ਗਈਆਂ ਮਿਸ਼ਨ ਲਾਇਫ, ’ਏਕ ਪੇੜ ਮਾਂ ਕੇ ਨਾਮ’, ਅੰਮ੍ਰਿਤ ਸਰੋਵਰ ਅਤੇ ਗ੍ਰੀਨ ਕ੍ਰੈਡਿਟ ਪ੍ਰੋਗਰਾਮ ਜਿਹੀਆਂ ਵਿਭਿੰਨ ਪਹਿਲਾਂ ਦਾ ਉਲੇਖ ਕੀਤਾ। ਉਨ੍ਹਾਂ ਨੇ ਕਿਹਾ ਕਿ ਭਾਰਤ ਦੀ ਜੈਵ ਵਿਵਿਧਤਾ ਸੰਭਾਲ਼ ਯਾਤਰਾ ਵਿਗਿਆਨਿਕ ਸਮਰੱਥਾਵਾਂ ਅਤੇ ਸਥਾਨਕ ਭਾਈਚਾਰਿਆਂ ਦੀ ਰਵਾਇਤੀ ਗਿਆਨ ਨੂੰ ਨਾਲ ਲੈ ਕੇ ਅੱਗੇ ਵਧਿਆ ਜਾ ਰਿਹਾ ਹੈ।

ਜੈਵ ਵਿਵਿਧਤਾ ਐਕਟ, 2002 ਦਾ ਉਲੇਖ ਕਰਦੇ ਹੋਏ ਕੇਂਦਰੀ ਮੰਤਰੀ ਨੇ ਕਿਹਾ ਕਿ ਜੈਵ ਵਿਵਿਧਤਾ (ਸੰਸ਼ੋਧਨ) ਐਕਟ, 2023, ਅਤੇ ਜੈਵ ਵਿਵਿਧਤਾ ਨਿਯਮ, 2024 ਨੇ ਦੇਸ਼ ਦੇ ਜੈਵ ਵਿਵਿਧਤਾ ਸ਼ਾਸਨ ਢਾਂਚੇ ਨੂੰ ਹੋਰ ਮਜ਼ਬੂਤ ? ?ਅਤੇ ਸੁਵਿਵਸਥਿਤ ਕੀਤਾ ਹੈ। ਉਨ੍ਹਾਂ ਨੇ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਨੂੰ ਆਪਣੇ ਨਿਯਮਾਂ, ਸੰਸਥਾਗਤ ਤੰਤਰਾਂ ਅਤੇ ਲਾਗੂਕਰਨ ਪ੍ਰਕਿਰਿਆਵਾਂ ਨੂੰ ਸੰਸ਼ੋਧਿਤ ਢਾਂਚੇ ਦੇ ਅਨੁਰੂਪ ਬਣਾਉਣ ਦੀ ਤਾਕੀਦ ਕੀਤੀ।

ਕੇਂਦਰੀ ਮੰਤਰੀ ਨੇ ਅੰਤਰਰਾਸ਼ਟਰੀ ਜੈਵ ਵਿਵਿਧਤਾ ਪ੍ਰਤੀਬੱਧਤਾਵਾਂ ਨੂੰ ਪੂਰਾ ਕਰਨ ਦੀ ਦਿਸ਼ਾ ਵਿੱਚ ਭਾਰਤ ਦੀ ਪ੍ਰਗਤੀ ਦੀ ਸ਼ਲਾਘਾ ਕੀਤੀ। ਇਨ੍ਹਾਂ ਵਿੱਚ ਜੈਵ ਵਿਵਿਧਤਾ ’ਤੇ ਕਨਵੈਨਸ਼ਨ ਲਈ ਸੱਤਵੀਂ ਰਾਸ਼ਟਰੀ ਰਿਪੋਰਟ ਅਤੇ ਪਹੁੰਚ ਅਤੇ ਲਾਭ ਵੰਡ ਨਾਲ ਸਬੰਧਿਤ ਨਾਗੋਆ ਪ੍ਰੋਟੋਕੋਲ ਦੇ ਤਹਿਤ ਪਹਿਲੀ ਰਾਸ਼ਟਰੀ ਰਿਪੋਰਟ ਪ੍ਰਸਤੁਤ ਕਰਨਾ ਸ਼ਾਮਲ ਹੈ।

ਜ਼ਮੀਨੀ ਪੱਧਰ ’ਤੇ ਪ੍ਰਭਾਵੀ ਲਾਗੂਕਰਨ ’ਤੇ ਬਲ ਦਿੰਦੇ ਹੋਏ ਸ਼੍ਰੀ ਯਾਦਵ ਨੇ ਦੇਸ਼ ਭਰ ਵਿੱਚ 2.76 ਲੱਖ ਤੋਂ ਅਧਿਕ ਜੈਵ ਵਿਵਿਧਤਾ ਪ੍ਰਬੰਧਨ ਕਮੇਟੀਆਂ ਨੂੰ ਸਰਗਰਮ ਅਤੇ ਪ੍ਰਭਾਵੀ ਬਣਾਉਣ ਦਾ ਸੱਦਾ ਦਿੱਤਾ। ਉਨ੍ਹਾਂ ਨੇ ਕਿਹਾ ਕਿ ਜਨ ਜੈਵ ਵਿਵਿਧਤਾ ਰਜਿਸਟਰਾਂ ਨੂੰ ਸਥਾਨਕ ਸੰਸਥਾਵਾਂ ਲਈ ਗਤੀਸ਼ੀਲ ਨਿਯੋਜਨ ਸਾਧਨਾਂ ਦੇ ਰੂਪ ਵਿੱਚ ਵਿਕਸਿਤ ਕੀਤਾ ਜਾਣਾ ਚਾਹੀਦਾ ਹੈ, ਤਾਕਿ ਸਥਾਨਕ ਜੈਵ ਵਿਵਿਧਤਾ ਅਤੇ ਉਸ ਨਾਲ ਜੁੜੇ ਰਵਾਇਤੀ ਗਿਆਨ ਨਾਲ ਸਬੰਧਿਤ ਜਾਣਕਾਰੀ ਸਥਾਨਕ ਯੋਜਨਾ ਅਤੇ ਟਿਕਾਊ ਵਿਕਾਸ ਵਿੱਚ ਸਾਰਥਕ ਯੋਗਦਾਨ ਦੇ ਸਕੇ।

ਪਹੁੰਚ ਅਤੇ ਲਾਭ ਸਾਂਝਾਕਰਨ (ਏਬੀਐੱਸ) ਦਾ ਉਲੇਖ ਕਰਦੇ ਹੋਏ ਕੇਂਦਰੀ ਮੰਤਰੀ ਨੇ ਦੱਸਿਆ ਕਿ ਰਾਸ਼ਟਰੀ ਜੈਵ ਵਿਵਿਧਤਾ ਅਥਾਰਿਟੀ ਨੇ ਕਿਸਾਨਾਂ, ਸਥਾਨਕ ਭਾਈਚਾਰਿਆਂ, ਜੈਵ ਵਿਵਿਧਤਾ ਪ੍ਰਬੰਧਨ ਕਮੇਟੀਆਂ, ਰਾਜ ਜੈਵ ਵਿਵਿਧਤਾ ਬੋਰਡਾਂ, ਕੇਂਦਰ ਸ਼ਾਸਿਤ ਪ੍ਰਦੇਸ਼ ਜੈਵ ਵਿਵਿਧਤਾ ਪਰਿਸ਼ਦਾਂ ਅਤੇ ਖੋਜ ਸੰਸਥਾਵਾਂ ਵਿੱਚ ?200 ਕਰੋੜ ਤੋਂ ਅਧਿਕ ਏਬੀਐੱਸ ਫੰਡ ਵੰਡੇ ਹਨ। ਉਨ੍ਹਾਂ ਨੇ ਕਿਹਾ ਕਿ ਏਬੀਐੱਸ ਤੰਤਰ ਨਾਲ ਭਾਈਚਾਰਿਆਂ ਨੂੰ ਠੋਸ ਲਾਭ ਮਿਲਣ ਨਾਲ ਜੈਵ ਵਿਵਿਧਤਾ ਸੰਭਾਲ਼ ਅਤੇ ਟਿਕਾਊ ਆਜੀਵਿਕਾ ਨੂੰ ਵੀ ਹੁਲਾਰਾ ਮਿਲਣਾ ਚਾਹੀਦਾ ਹੈ।

ਇਸ ਸਮਾਗਮ ਦੇ ਦੌਰਾਨ ਕਈ ਗਿਆਨ ਉਤਪਾਦਾਂ ਨੂੰ ਰਿਲੀਜ਼ ਵੀ ਕੀਤਾ ਗਿਆ। ਇਨ੍ਹਾਂ ਵਿੱਚ ਪਿਛਲੇ ਇੱਕ ਵਰ੍ਹੇ ਦੇ ਦੌਰਾਨ ਰਾਸ਼ਟਰੀ ਜੈਵ ਵਿਵਿਧਤਾ ਅਥਾਰਿਟੀ ਦੀਆਂ ਉਪਲਬਧੀਆਂ ਨੂੰ ਰੇਖਾਂਕਿਤ ਕਰਨ ਵਾਲਾ ਦਸਤਾਵੇਜ਼ ਵੀ ਸ਼ਾਮਲ ਸੀ, ਜਿਸ ਵਿੱਚ ਏਬੀਐੱਸ ਤੰਤਰ ਅਤੇ ਹਿਤਧਾਰਕਾਂ ਦੇ ਦਰਮਿਆਨ ਫੰਡਾਂ ਦੀ ਪ੍ਰਭਾਵੀ ਵੰਡ ਦਾ ਵਿਵਰਣ ਪ੍ਰਸਤੁਤ ਕੀਤਾ ਗਿਆ ਹੈ।ਜੈਵ ਵਿਵਿਧਤਾ ਸੰਭਾਲ਼ ਅਤੇ ਜਲਵਾਯੂ ਕਾਰਵਾਈ ਦੇ ਦਰਮਿਆਨ ਸਬੰਧਾਂ ਨੂੰ ਰੇਖਾਂਕਿਤ ਕਰਦੇ ਹੋਏ ਸ਼੍ਰੀ ਭੂਪੇਂਦਰ ਯਾਦਵ ਨੇ ਕਿਹਾ ਕਿ ਭਾਰਤ ਨੇ ‘ਸੰਪੂਰਨ-ਸਰਕਾਰ’ ਅਤੇ ‘ਸੰਪੂਰਨ-ਸਮਾਜ’ ਦੇ ਦ੍ਰਿਸ਼ਟੀਕੋਣ ਨੂੰ ਆਪਣਾਉਂਦੇ ਹੋਏ ਅੰਤਰਰਾਸ਼ਟਰੀ ਪ੍ਰੋਟੋਕੋਲ ਦੇ ਅਨੁਰੂਪ ਲਗਾਤਾਰ ਨਿਰਣਾਇਕ ਕਦਮ ਉਠਾਏ ਹਨ। ਉਨ੍ਹਾਂ ਨੇ ਕੁਨਮਿੰਗ-ਮਾਂਟਰੀਅਲ ਗਲੋਬਲ ਜੈਵ ਵਿਵਿਧਤਾ ਢਾਂਚੇ ਦੇ ਅਨੁਰੂਪ ਤਿਆਰ ਕੀਤੀ ਗਈ ਭਾਰਤ ਦੀ ਅਪਡੇਟਡ ਰਾਸ਼ਟਰੀ ਜੈਵ ਵਿਵਿਧਤਾ ਰਣਨੀਤੀ ਅਤੇ ਕਾਰਜ ਯੋਜਨਾ (ਐੱਨਬੀਐੱਸਏਪੀ) 2024-2030 ਦਾ ਵੀ ਉਲੇਖ ਕੀਤਾ।

## ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ 25 ਵਰ੍ਹਿਆਂ ਦੀ ਸੇਵਾ ਅਤੇ ਸੁਸ਼ਾਸਨ ਨੂੰ ਘਰ-ਘਰ ਪਹੁੰਚਾਏਗਾ ‘ਸੇਵਾ ਸੰਕਲਪ ਅਭਿਆਨ’: ਨਾਇਬ ਸਿੰਘ ਸੈਣੀ

**ਚੰਡੀਗੜ੍ਹ, 5 ਸਤੰਬਰ**
**-ਸੰਜੀਵ ਸਿੰਗਲਾ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਪ੍ਰਧਾਨਗੀ ਹੇਠ ਸ਼ਨੀਵਾਰ ਨੂੰ ਚੰਡੀਗੜ੍ਹ ਸਥਿਤ ਹਰਿਆਣਾ ਨਿਵਾਸ ਵਿੱਚ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ ਜਨਤਕ ਜੀਵਨ ਅਤੇ ਲੋਕ ਸੇਵਾ ਦੇ 25 ਸਾਲ ਪੂਰੇ ਹੋਣ ਦੇ ਮੌਕੇ ’ਤੇ 17 ਸਤੰਬਰ ਤੋਂ 17 ਅਕਤੂਬਰ ਤੱਕ ਆਯੋਜਿਤ ਹੋਣ ਵਾਲੀ ‘ਸੇਵਾ ਸੰਕਲਪ ਅਭਿਆਨ’ ਦੇ ਪ੍ਰਭਾਵਸ਼ਾਲੀ ਅਮਲ ਅਤੇ ਸਫ਼ਲ ਆਯੋਜਨ ਨੂੰ ਲੈ ਕੇ ਰਾਜ ਪੱਧਰੀ ਸਮੀਖਿਆ ਬੈਠਕ ਆਯੋਜਿਤ ਕੀਤੀ ਗਈ। ਬੈਠਕ ਵਿੱਚ ਮੁਹਿੰਮ ਦੀਆਂ ਤਿਆਰੀਆਂ, ਵੱਖ-ਵੱਖ ਪ੍ਰੋਗਰਾਮਾਂ ਦੇ ਆਯੋਜਨ ਅਤੇ ਇਨ੍ਹਾਂ ਦੇ ਪ੍ਰਭਾਵਸ਼ਾਲੀ ਤੇ ਸਮੇਂ ਸਿਰ ਅਮਲ ਨੂੰ ਲੈ ਕੇ ਸਬੰਧਤ ਅਧਿਕਾਰੀਆਂ ਨਾਲ ਵਿਸਥਾਰ ਨਾਲ ਸਮੀਖਿਆ ਕੀਤੀ ਗਈ।

ਇਸ ਮੀਟਿੰਗ ਵਿੱਚ ਹਰਿਆਣਾ ਸਰਕਾਰ ਦੇ ਕੈਬਨਿਟ ਮੰਤਰੀ ਸ੍ਰੀ ਕ੍ਰਿਸ਼ਨ ਲਾਲ ਪੰਵਾਰ, ਸ੍ਰੀ ਰਾਓ ਨਰਬੀਰ ਸਿੰਘ, ਸ੍ਰੀ ਮਹੀਪਾਲ ਢਾਂਡਾ, ਸ੍ਰੀ ਵਿਪੁਲ ਗੋਇਲ, ਡਾ. ਅਰਵਿੰਦ ਕੁਮਾਰ ਸ਼ਰਮਾ, ਸ੍ਰੀ ਸ਼ਿਆਮ ਸਿੰਘ ਰਾਣਾ, ਸ੍ਰੀ ਰਣਬੀਰ ਗੰਗਵਾ, ਸ੍ਰੀ ਕ੍ਰਿਸ਼ਨ ਕੁਮਾਰ ਬੇਦੀ ਅਤੇ ਸ਼੍ਰੀਮਤੀ ਆਰਤੀ ਰਾਓ ਅਤੇ ਰਾਜ ਮੰਤਰੀ ਸ੍ਰੀ ਗੌਰਵ ਗੌਤਮ ਵੀ ਬੈਠਕ ਵਿੱਚ ਮੌਜੂਦ ਰਹੇ। ਇਸ ਤੋਂ ਇਲਾਵਾ ਵੀਡੀਓ ਕਾਨਫਰੰਸਿੰਗ ਰਾਹੀਂ ਰਾਜ ਮੰਤਰੀ ਸ੍ਰੀ ਰਾਜੇਸ਼ ਨਾਗਰ ਵੀ ਮੀਟਿੰਗ ਵਿਚ ਜੁੜੇ।

ਮੀਟਿੰਗ ਵਿੱਚ ਸੂਚਨਾ, ਜਨਸੰਪਰਕ, ਭਾਸ਼ਾ ਅਤੇ ਸੱਭਿਆਚਾਰ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਸ੍ਰੀ ਕੇ.ਐੱਮ. ਪਾਂਡੁਰੰਗ ਅਤੇ ਵਿਭਾਗ ਦੇ ਡਾਇਰੈਕਟਰ ਡਾ. ਆਦਿਤਿਆ ਦਹੀਆ ਨੇ ‘ਸੇਵਾ ਸੰਕਲਪ ਅਭਿਆਨ’ ਤਹਿਤ ਸੂਬੇ ਵਿੱਚ ਪ੍ਰਸਤਾਵਿਤ ਵੱਖ-ਵੱਖ ਪ੍ਰੋਗਰਾਮਾਂ, ਉਨ੍ਹਾਂ ਦੀਆਂ ਤਿਆਰੀਆਂ ਅਤੇ ਪ੍ਰਭਾਵਸ਼ਾਲੀ ਅਮਲ ਦੀ ਕਾਰਜਯੋਜਨਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਨੇ ਜ਼ਿਲ੍ਹਾਵਾਰ ਤਿਆਰੀਆਂ, ਪ੍ਰੋਗਰਾਮਾਂ ਦੇ ਤਾਲਮੇਲ ਅਤੇ ਮੁਹਿੰਮ ਦੀਆਂ ਸਰਗਰਮੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਕੀਤੇ ਜਾ ਰਹੇ ਪ੍ਰਬੰਧਾਂ ਬਾਰੇ ਵੀ ਮੁੱਖ ਮੰਤਰੀ ਨੂੰ ਜਾਣੂ ਕਰਵਾਇਆ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਮੁਹਿੰਮ ਦੌਰਾਨ ਸੂਬੇ ਦੇ ਸਾਰੇ 23 ਜ਼ਿਲ੍ਹਿਆਂ ਵਿੱਚ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵੱਲੋਂ ਉਦਘਾਟਨ ਕੀਤੇ ਗਏ ਪ੍ਰੋਜੈਕਟਾਂ ਅਤੇ ਹਰਿਆਣਾ ਦੇ ਪ੍ਰਮੁੱਖ ਵਿਕਾਸ ਪ੍ਰੋਜੈਕਟਾਂ ਦੀ ਪਛਾਣ ਕਰਕੇ ਉੱਥੇ ਵਿਸ਼ੇਸ਼ ਪ੍ਰੋਗਰਾਮ ਆਯੋਜਿਤ ਕੀਤੇ ਜਾਣ। 17 ਸਤੰਬਰ ਦੀ ਸ਼ਾਮ ਸੂਬੇ ਦੇ ਹਰ ਬੂਥ ’ਤੇ ਲਾਭਪਾਤਰੀਆਂ ਅਤੇ ਆਮ ਲੋਕਾਂ ਦੇ ਘਰ ਜਾ ਕੇ ‘ਆਸ਼ੀਰਵਾਦ ਦਾ ਦੀਵਾ’ ਜਗਾਇਆ ਜਾਵੇ।

ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀਆਂ ਵੱਖ-ਵੱਖ ਜਨ-ਕਲਿਆਣਕਾਰੀ ਯੋਜਨਾਵਾਂ ਦੇ ਲਾਭਪਾਤਰੀਆਂ ਨੂੰ ਇਸ ਮੁਹਿੰਮ ਨਾਲ ਜੋੜਿਆ ਜਾਵੇ ਅਤੇ ਉਨ੍ਹਾਂ ਦੇ ਘਰਾਂ ’ਤੇ ਦੀਆ ਜਗਾ ਕੇ ਉਨ੍ਹਾਂ ਦੇ ਤਜ਼ਰਬਿਆਂ ਨੂੰ ਸਾਹਮਣੇ ਲਿਆਂਦਾ ਜਾਵੇ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਨ੍ਹਾਂ ਪ੍ਰੋਗਰਾਮਾਂ ਦੀ ਵੀਡੀਓ ਰਿਕਾਰਡਿੰਗ ਦੇ ਪ੍ਰਬੰਧ ਕੀਤੇ ਜਾਣ ਅਤੇ ਸਬੰਧਤ ਫੋਟੋਆਂ ਤੇ ਵੀਡੀਓਜ਼ ਸੋਸ਼ਲ ਮੀਡੀਆ ’ਤੇ ਵਿਆਪਕ ਤੌਰ ’ਤੇ ਸਾਂਝੀਆਂ ਕੀਤੀਆਂ ਜਾਣ।

ਮੁੱਖ ਮੰਤਰੀ ਨੇ ਨਿਰਦੇਸ਼ ਦਿੱਤੇ ਕਿ ਪਿਛਲੇ 12 ਸਾਲਾਂ ਵਿੱਚ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਦੇਸ਼ ਵਿੱਚ ਹੋਏ ਵਿਕਾਸ ਅਤੇ ਜਨ-ਕਲਿਆਣਕਾਰੀ ਕੰਮਾਂ ਅਤੇ ਇਨ੍ਹਾਂ ਨਾਲ ਲੋਕਾਂ ਦੇ ਜੀਵਨ ਵਿੱਚ ਆਏ ਬਦਲਾਅ ਨੂੰ ਘਰ-ਘਰ ਪਹੁੰਚਾਉਣ ਲਈ ਯੂਨੀਵਰਸਿਟੀਆਂ ਵਿੱਚ ਸੈਮੀਨਾਰ ਆਯੋਜਿਤ ਕੀਤੇ ਜਾਣ। ਜਨਤਕ ਥਾਵਾਂ ’ਤੇ ਵਿਕਾਸ ਯਾਤਰਾ ਨਾਲ ਸਬੰਧਤ ਡਾਕੂਮੈਂਟਰੀ ਪ੍ਰਦਰਸ਼ਿਤ ਕੀਤੀ ਜਾਵੇ ਅਤੇ ਸਵੈ-ਸਹਾਇਤਾ ਸਮੂਹਾਂ ਨਾਲ ਜੁੜੀਆਂ ਔਰਤਾਂ ਦੇ ਜੀਵਨ ਵਿੱਚ ਆਏ ਬਦਲਾਅ ਨੂੰ ਵੀ



ਪ੍ਰਮੁੱਖਤਾ ਨਾਲ ਦਿਖਾਇਆ ਜਾਵੇ।

ਮੁੱਖ ਮੰਤਰੀ ਨੇ ਕਿਹਾ ਕਿ ਹਰ ਜ਼ਿਲ੍ਹੇ ਵਿੱਚ ਕੇਂਦਰ ਦੀਆਂ ਯੋਜਨਾਵਾਂ ਦੇ ਲਾਭਪਾਤਰੀਆਂ ਦੀ ਸੂਚੀ ਤਿਆਰ ਕੀਤੀ ਜਾਵੇ ਅਤੇ ਇਹ ਯਕੀਨੀ ਬਣਾਇਆ ਜਾਵੇ ਕਿ ਮੁਹਿੰਮ ਦੌਰਾਨ ਕੋਈ ਵੀ ਲਾਭਪਾਤਰੀ ਵਾਂਝਾ ਨਾ ਰਹੇ। ਮੰਤਰੀ, ਵਿਧਾਇਕ, ਪਾਰਟੀ ਵਰਕਰਾਂ ਦੇ ਨਾਲ-ਨਾਲ ਆਮ ਜਨਤਾ ਨੂੰ ਵੀ ਇਸ ਜਨ-ਜਾਗਰਣ ਮੁਹਿੰਮ ਨਾਲ ਜੋੜਿਆ ਜਾਵੇ।

ਉਨ੍ਹਾਂ ਕਿਹਾ ਕਿ ਗ੍ਰਾਮ ਸਕੱਤਰੇਤ, ਵਿਆਮਸ਼ਾਲਾਵਾਂ, ਕਿਸਾਨਾਂ ਲਈ ਕੀਤੇ ਗਏ ਕੰਮਾਂ, ਸੜਕਾਂ, ਐਕਸਪ੍ਰੈੱਸਵੇਅ ਅਤੇ ਹੋਰ ਪ੍ਰਮੁੱਖ ਵਿਕਾਸ ਪ੍ਰੋਜੈਕਟਾਂ ਦੀ ਵੀ ਪਛਾਣ ਕੀਤੀ ਜਾਵੇ, ਤਾਂ ਜੋ ਇਨ੍ਹਾਂ ਵਿਕਾਸ ਕੰਮਾਂ ਨੂੰ ਜਨਤਾ ਦੇ ਸਾਹਮਣੇ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਜਾ ਸਕੇ।ਉਨ੍ਹਾਂ ਨਿਰਦੇਸ਼ ਦਿੱਤੇ ਕਿ ਚਿੱਤਰਕਲਾ, ਭਾਸ਼ਣ ਅਤੇ ਹੋਰ ਮੁਕਾਬਲਿਆਂ ਵਿੱਚ ਹਿੱਸਾ ਲੈਣ ਵਾਲੇ ਬੱਚਿਆਂ ਨੂੰ ਉਤਸ਼ਾਹਿਤ ਕੀਤਾ ਜਾਵੇ ਅਤੇ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਪ੍ਰਤੀਯੋਗੀਆਂ ਨੂੰ ਸਨਮਾਨਿਤ ਕੀਤਾ ਜਾਵੇ। ਸਰਕਾਰੀ ਅਤੇ ਨਿੱਜੀ ਦੋਵਾਂ ਸਕੂਲਾਂ ਦੀ ਵੱਧ ਤੋਂ ਵੱਧ ਭਾਗੀਦਾਰੀ ਯਕੀਨੀ ਬਣਾਈ ਜਾਵੇ।

ਬੈਠਕ ਵਿੱਚ ਦੱਸਿਆ ਗਿਆ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ ਜਨਤਕ ਜੀਵਨ ਅਤੇ ਲੋਕ ਸੇਵਾ ਦੇ 25 ਸਾਲ ਪੂਰੇ ਹੋਣ ਦੇ ਮੌਕੇ ’ਤੇ 17 ਸਤੰਬਰ ਤੋਂ 17 ਅਕਤੂਬਰ ਤੱਕ ਦੇਸ਼ ਭਰ ਵਿੱਚ ‘ਸੇਵਾ ਸੰਕਲਪ ਮੁਹਿੰਮ’ ਆਯੋਜਿਤ ਕੀਤੀ ਜਾਵੇਗੀ। ਇਸ ਮੁਹਿੰਮ ਦਾ ਉਦੇਸ਼ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ 25 ਸਾਲਾਂ ਦੀ ਸੇਵਾ, ਸੁਸ਼ਾਸਨ ਅਤੇ ਰਾਸ਼ਟਰ ਨਿਰਮਾਣ ਦੇ ਕੰਮਾਂ ਨੂੰ ਘਰ-ਘਰ ਤੱਕ ਪਹੁੰਚਾਉਣ ਦੇ ਨਾਲ-ਨਾਲ ਹਰ ਨਾਗਰਿਕ ਨੂੰ ਵਿਕਸਤ ਭਾਰਤ02047 ਦੇ ਸੰਕਲਪ ਨਾਲ ਜੋੜਨਾ ਹੈ।

ਮੁਹਿੰਮ ਦੀ ਸ਼ੁਰੂਆਤ 17 ਸਤੰਬਰ ਦੀ ਸ਼ਾਮ ‘ਆਸ਼ੀਰਵਾਦ ਦਾ ਦੀਵਾ’ ਪ੍ਰੋਗਰਾਮ ਨਾਲ ਹੋਵੇਗੀ। ਇਸ ਤਹਿਤ ਵਰਕਰ ਹਰ ਬੂਥ ’ਤੇ ਜਨਤਾ ਅਤੇ ਵੱਖ-ਵੱਖ ਸਰਕਾਰੀ ਯੋਜਨਾਵਾਂ ਦੇ ਲਾਭਪਾਤਰੀਆਂ ਦੇ ਘਰ ਪਹੁੰਚਣਗੇ ਅਤੇ ਪ੍ਰਧਾਨ ਮੰਤਰੀ ਪ੍ਰਤੀ ਜਨਤਾ ਦੇ ਵਿਸ਼ਵਾਸ, ਧੰਨਵਾਦ ਅਤੇ ਦੇਸ਼ ਦੇ ਉੱਜਵਲ ਭਵਿੱਖ ਦੇ ਸੰਕਲਪ ਦੇ ਪ੍ਰਤੀਕ ਵਜੋਂ ਦੀਆ ਜਗਾਉਣਗੇ।

17 ਸਤੰਬਰ ਤੋਂ 7 ਅਕਤੂਬਰ ਤੱਕ ਸਕੂਲਾਂ ਵਿੱਚ ਚਿੱਤਰਕਲਾ ਅਤੇ ਭਾਸ਼ਣ ਮੁਕਾਬਲੇ ਆਯੋਜਿਤ ਕੀਤੇ ਜਾਣਗੇ। ਇਨ੍ਹਾਂ ਮੁਕਾਬਲਿਆਂ ਰਾਹੀਂ ਬੱਚਿਆਂ ਨੂੰ ਸਾਲ 2047 ਦੇ ਵਿਕਸਤ ਭਾਰਤ ਦੀ ਆਪਣੀ ਕਲਪਨਾ ਅਤੇ ਸੁਪਨਿਆਂ ਨੂੰ ਪ੍ਰਗਟ ਕਰਨ ਦਾ ਮੌਕਾ ਮਿਲੇਗਾ। ਵਧੀਆ ਚਿੱਤਰਾਂ ਦੀਆਂ ਪ੍ਰਦਰਸ਼ਨੀਆਂ ਲਗਾਈਆਂ ਜਾਣਗੀਆਂ ਅਤੇ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਬੱਚਿਆਂ ਨੂੰ ਮੁੱਖ ਮੰਤਰੀ ਦੇ ਦਸਤਖ਼ਤ ਵਾਲਾ ਵਿਸ਼ੇਸ਼ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਜਾਵੇਗਾ।

ਇਸੇ ਲੜੀ ਵਿੱਚ ਪਿਛਲੇ 25 ਸਾਲਾਂ ਵਿੱਚ ਦੇਸ਼ ਵਿੱਚ ਆਏ ਸਮਾਜਿਕ ਅਤੇ ਆਰਥਿਕ ਬਦਲਾਅ ਨੂੰ ਕਲਾ ਅਤੇ ਸੱਭਿਆਚਾਰ ਰਾਹੀਂ ਘਰ-ਘਰ ਤੱਕ ਪਹੁੰਚਾਉਣ ਲਈ ‘ਨਮੋ ਸੇਵਾ ਗਾਥਾ’ ਨਾਮਕ 25 ਤੋਂ 30 ਮਿੰਟ ਦਾ ਸੰਗੀਤਕ ਨੁੱਕੜ ਨਾਟਕ ਪੇਸ਼ ਕੀਤਾ ਜਾਵੇਗਾ। ਇਸ ਨੂੰ ਪਿੰਡ-ਪਿੰਡ ਤੱਕ ਲਿਜਾਇਆ ਜਾਵੇਗਾ ਅਤੇ 2 ਅਕਤੂਬਰ ਨੂੰ ਦੇਸ਼ ਦੇ 100 ਪ੍ਰਮੁੱਖ ਸਥਾਨਾਂ ’ਤੇ ਇਸ ਦੇ ਵਿਸ਼ੇਸ਼ ਮੰਚਨ ਕੀਤੇ ਜਾਣਗੇ।

25 ਸਤੰਬਰ ਤੋਂ 7 ਅਕਤੂਬਰ ਦੇ ਵਿਚਕਾਰ ਆਂਗਣਵਾੜੀ ਕੇਂਦਰਾਂ ’ਤੇ ਤਿੰਨ ਦਿਨਾਂ ਵਿਸ਼ੇਸ਼ ਉਤਸਵ ਆਯੋਜਿਤ ਕੀਤਾ ਜਾਵੇਗਾ। ਇਸ ਦੌਰਾਨ ਆਂਗਣਵਾੜੀ ਅਤੇ ਆਸ਼ਾ ਵਰਕਰਾਂ ਦਾ ਜਨਤਕ ਸਵਾਗਤ ਕੀਤਾ ਜਾਵੇਗਾ ਅਤੇ ਮਾਵਾਂ ਨੂੰ ਸਿਹਤ ਅਤੇ ਪੋਸ਼ਣ ਨਾਲ ਜੁੜੀ ਮਹੱਤਵਪੂਰਨ ਜਾਣਕਾਰੀ ਦਿੱਤੀ ਜਾਵੇਗੀ।

ਪ੍ਰਧਾਨ ਮੰਤਰੀ ਮਾਤਰ ਵੰਦਨਾ ਯੋਜਨਾ, ਮਿਸ਼ਨ ਇੰਧਧਨੁਸ਼ ਸਮੇਤ ਵੱਖ-ਵੱਖ ਜਨ-ਕਲਿਆਣਕਾਰੀ ਯੋਜਨਾਵਾਂ ਤੋਂ ਲਾਭ ਪ੍ਰਾਪਤ ਕਰਨ ਵਾਲੇ ਲੋਕਾਂ ਦੇ ਤਜ਼ਰਬਿਆਂ ਨੂੰ ‘ਕਹਾਣੀ ਬਦਲਾਅ ਦੀ’ ਰਾਹੀਂ ਸਾਹਮਣੇ ਲਿਆਂਦਾ ਜਾਵੇਗਾ। ਦੇਸ਼ ਭਰ ਦੇ ਲਾਭਪਾਤਰੀਆਂ ਦੀ ਪ੍ਰੇਰਣਾਦਾਇਕ ਕਹਾਣੀਆਂ ਦੀਆਂ ਛੋਟੀਆਂ ਵੀਡੀਓਜ਼ ਅਤੇ ਰੀਲਾਂ ਤਿਆਰ ਕਰਕੇ ਵਿਕਾਸ ਦੀ ਅਸਲ ਤਸਵੀਰ ਲੋਕਾਂ ਦੇ ਤਜ਼ਰਬਿਆਂ ਰਾਹੀਂ ਪੇਸ਼ ਕੀਤੀ ਜਾਵੇਗੀ।

ਮੁਹਿੰਮ ਦੌਰਾਨ ਬਲਾਕ ਪੱਧਰ ’ਤੇ ਵਿਸ਼ੇਸ਼ ‘ਸੇਵਾ ਸੇਤੂ’ ਕੈਂਪ ਲਗਾਏ ਜਾਣਗੇ, ਜਿਨ੍ਹਾਂ ਰਾਹੀਂ ਪ੍ਰਸ਼ਾਸਨ ਸਿੱਧੇ ਜਨਤਾ ਵਿਚਕਾਰ ਪਹੁੰਚ ਕੇ ਯੋਗ ਲੋਕਾਂ ਨੂੰ ਵੱਖ-ਵੱਖ ਸਰਕਾਰੀ ਯੋਜਨਾਵਾਂ ਅਤੇ ਸੇਵਾਵਾਂ ਦਾ ਲਾਭ ਮੁਹੱਈਆ ਕਰਵਾਉਣ ਦਾ ਯਤਨ ਕਰੇਗਾ। ਮੁੱਖ ਮੰਤਰੀ ਨੇ ਨਿਰਦੇਸ਼ ਦਿੱਤੇ ਕਿ ਇਨ੍ਹਾਂ ਕੈਂਪਾਂ ਵਿੱਚ ‘ਲਾਡੋ ਲਕਸ਼ਮੀ ਯੋਜਨਾ’ ਨੂੰ ਵੀ ਪ੍ਰਮੁੱਖਤਾ ਨਾਲ ਜੋੜਿਆ ਜਾਵੇ, ਤਾਂ ਜੋ ਯੋਗ ਔਰਤਾਂ ਤੱਕ ਯੋਜਨਾ ਦਾ ਲਾਭ ਪਹੁੰਚਾਉਣ ਲਈ ਵਿਆਪਕ ਪੱਧਰ ’ਤੇ ਜਾਗਰੂਕਤਾ ਅਤੇ ਸਹਾਇਤਾ ਯਕੀਨੀ ਬਣਾਈ ਜਾ ਸਕੇ।ਲਾਡੋ ਲਕਸ਼ਮੀ ਯੋਜਨਾ ਤਹਿਤ ਹੁਣ ਪਰਿਵਾਰ ਦੀ ਸਾਲਾਨਾ ਆਮਦਨ ਦੀ ਪਾਤਰਤਾ ਸੀਮਾ ਵਧਾ ਕੇ 1 ਲੱਖ 80 ਹਜ਼ਾਰ ਰੁਪਏ ਕੀਤੀ ਜਾਵੇਗੀ। ਇਸ ਵਿਸਤਾਰ ਤੋਂ ਬਾਅਦ ਸੂਬੇ ਵਿੱਚ ਲਗਭਗ 17 ਲੱਖ ਨਵੇਂ ਲਾਭਪਾਤਰੀਆਂ ਨੂੰ ਯੋਜਨਾ ਨਾਲ ਜੋੜਨ ਦਾ ਟੀਚਾ ਹੈ। 1 ਨਵੰਬਰ ਤੋਂ ਯੋਗ ਲਾਭਪਾਤਰੀਆਂ ਨੂੰ ਯੋਜਨਾ ਦੀ ਰਿਕਮ ਦਾ ਭੁਗਤਾਨ ਸ਼ੁਰੂ ਕੀਤਾ ਜਾਵੇਗਾ।

## ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼ ਅਤੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਪੰਚਕੂਲਾ ਵਿੱਚ ਅਧਿਆਪਕਾਂ ਨੂੰ ਕੀਤਾ ਸਨਮਾਨਿਤ

**ਚੰਡੀਗੜ੍ਹ, 5 ਸਤੰਬਰ**
**-ਹਰਮਨਪ੍ਰੀਤ ਕੌਰ-**

ਹਰਿਆਣਾ ਵਿੱਚ ਅਧਿਆਪਕ ਦਿਵਸ ਦੇ ਮੌਕੇ ’ਤੇ ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼ ਅਤੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਸਕੂਲ ਸਿੱਖਿਆ ਵਿਭਾਗ ਵੱਲੋਂ ਪੰਚਕੂਲਾ ਵਿੱਚ ਆਯੋਜਿਤ ਰਾਜ ਪੱਧਰੀ ਅਧਿਆਪਕ ਸਨਮਾਨ ਸਮਾਰੋਹ ਵਿੱਚ ਸਿੱਖਿਆ ਦੇ ਖੇਤਰ ਵਿੱਚ ਸ਼ਾਨਦਾਰ ਅਤੇ ਅਸਾਧਾਰਨ ਯੋਗਦਾਨ ਪਾਉਣ ਵਾਲੇ 79 ਅਧਿਆਪਕਾਂ ਨੂੰ ਸਨਮਾਨਿਤ ਕੀਤਾ।

ਸਨਮਾਨਿਤ ਅਧਿਆਪਕਾਂ ਨੂੰ ਇੱਕ-ਇੱਕ ਲੱਖ ਰੁਪਏ ਦੀ ਨਕਦ ਰਾਸ਼ੀ, ਮੈਡਲ, ਸ਼ਾਲ ਅਤੇ ਦੋ-ਦੋ ਅਗਾਊਂ ਤਨਖ਼ਾਹ ਵਾਧੇ ਪ੍ਰਦਾਨ ਕੀਤੇ ਗਏ। ਇਸ ਮੌਕੇ ਹਰਿਆਣਾ ਦੀ ਪਹਿਲੀ ਮਹਿਲਾ ਸ਼੍ਰੀਮਤੀ ਮਿਤ੍ਰਾ ਘੋਸ਼ ਅਤੇ ਸਕੂਲ ਸਿੱਖਿਆ ਮੰਤਰੀ ਸ੍ਰੀ ਮਹੀਪਾਲ ਢਾਂਡਾ ਵੀ ਮੌਜੂਦ ਰਹੇ।

ਸਮਾਰੋਹ ਨੂੰ ਮੁੱਖ ਮਹਿਮਾਨ ਵਜੋਂ ਸੰਬੋਧਨ ਕਰਦਿਆਂ ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼ ਨੇ ਸਾਰੇ ਸਨਮਾਨਿਤ ਅਧਿਆਪਕਾਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਇਹ ਸਨਮਾਨ ਸਿਰਫ਼ ਨਿੱਜੀ ਪ੍ਰਾਪਤੀ ਦਾ ਸਨਮਾਨ ਨਹੀਂ ਹੈ, ਸਗੋਂ ਪੂਰੇ ਅਧਿਆਪਕ



ਭਾਈਚਾਰੇ, ਸਿੱਖਿਆ ਪ੍ਰਣਾਲੀ ਅਤੇ ਹਰਿਆਣਾ ਦੇ ਉੱਜਵਲ ਭਵਿੱਖ ਦਾ ਸਨਮਾਨ ਹੈ।ਰਾਜਪਾਲ ਨੇ ਕਿਹਾ ਕਿ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਦਾ ਜੀਵਨ ਇਸ ਗੱਲ ਦੀ ਪ੍ਰੇਰਕ ਮਿਸਾਲ ਹੈ ਕਿ ਸਿੱਖਿਆ ਦੇਣਾ ਸਿਰਫ਼ ਇੱਕ ਕਿੱਤਾ ਨਹੀਂ, ਸਗੋਂ ਸਮਾਜ ਨਿਰਮਾਣ ਦਾ ਸ਼ਕਤੀਸ਼ਾਲੀ ਮਾਧਿਅਮ ਹੈ। ਅਧਿਆਪਕ ਦਿਵਸ ਸਿਰਫ਼ ਅਧਿਆਪਕਾਂ ਨੂੰ ਵਧਾਈ ਦੇਣ ਦਾ ਮੌਕਾ ਨਹੀਂ, ਸਗੋਂ ਸਿੱਖਿਆ ਦੀ ਮਹੱਤਤਾ ਨੂੰ ਸਵੀਕਾਰ ਕਰਨ ਅਤੇ ਅਧਿਆਪਕਾਂ ਪ੍ਰਤੀ ਸ਼ੁਕਰਗੁਜ਼ਾਰੀ ਪ੍ਰਗਟ ਕਰਨ ਦਾ ਦਿਨ ਵੀ ਹੈ। ਉਨ੍ਹਾਂ ਕਿਹਾ ਕਿ ਅੱਜ ਸਿੱਖਿਆ ਦੀ ਦੁਨੀਆ ਤੇਜ਼ੀ ਨਾਲ ਬਦਲ ਰਹੀ ਹੈ। ਇੰਟਰਨੈੱਟ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ ਵਰਗੀਆਂ ਆਧੁਨਿਕ ਤਕਨੀਕਾਂ ਰਾਹੀਂ ਵਿਦਿਆਰਥੀ ਕੁਝ ਹੀ ਪਲਾਂ ਵਿੱਚ ਦੁਨੀਆ ਭਰ ਦੀ ਜਾਣਕਾਰੀ ਪ੍ਰਾਪਤ ਕਰ ਸਕਦਾ ਹੈ, ਪਰ ਜਾਣਕਾਰੀ ਅਤੇ ਗਿਆਨ ਵਿੱਚ ਅੰਤਰ ਹੈ ਅਤੇ ਗਿਆਨ ਅਤੇ ਵਿਵੇਕ ਵਿੱਚ ਵੀ ਅੰਤਰ ਹੈ। ਤਕਨੀਕ ਸੂਚਨਾ ਦੇ ਸਕਦੀ ਹੈ, ਪਰ ਅਧਿਆਪਕ ਵਿਵੇਕ ਪ੍ਰਦਾਨ ਕਰਦਾ ਹੈ। ਆਰਟੀਫੀਸ਼ੀਅਲ ਇੰਟੈਲੀਜੈਂਸ ਉੱਤਰ ਦੇ ਸਕਦੀ ਹੈ, ਪਰ ਅਧਿਆਪਕ ਸਹੀ ਸਵਾਲ ਪੁੱਛਣਾ ਸਿਖਾਉਂਦਾ ਹੈ। ਰਾਜਪਾਲ ਨੇ ਕਿਹਾ ਕਿ ਤਕਨੀਕ ਦੇ ਇਸ ਯੁੱਗ ਵਿੱਚ ਅਧਿਆਪਕ ਦੀ ਭੂਮਿਕਾ ਘੱਟ ਨਹੀਂ ਹੋਈ, ਸਗੋਂ ਹੋਰ ਵੀ ਮਹੱਤਵਪੂਰਨ ਹੋ ਗਈ ਹੈ।

ਰਾਜਪਾਲ ਨੇ ਕਿਹਾ ਕਿ ਅੱਜ ਦੇ ਅਧਿਆਪਕ ਦੀ ਜ਼ਿੰਮੇਵਾਰੀ ਸਿਰਫ਼ ਪਾਠਕ੍ਰਮ ਪੂਰਾ ਕਰਨਾ ਅਤੇ ਪ੍ਰੀਖਿਆ ਦਾ ਨਤੀਜਾ ਦੇਣਾ ਨਹੀਂ ਹੈ। ਅਧਿਆਪਕ ਨੇ ਗਿਆਨ ਦੇ ਨਾਲ-ਨਾਲ ਵਿਦਿਆਰਥੀਆਂ ਦੇ ਚਰਿੱਤਰ ਦਾ ਵੀ ਨਿਰਮਾਣ ਕਰਨਾ ਹੈ। ਉਸ ਨੇ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਇਮਾਨਦਾਰੀ, ਮਿਹਨਤ, ਵਿਗਿਆਨਕ ਨਜ਼ਰੀਆ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨੀ ਹੈ।

Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More info Call us or Whatsapp:
+91-988881 88887, 988882 88887
weddingsea@gmail.com
seadesigncompany
SEA DESIGN COMPANY

HOTEL SEA
SHAHEED-E-AZAM
24x7 SERVICES
AC ROOMS
RESTAURANT
BREAKFAST, LUNCH, DINNER
CONTACT
9988844709, 0175-5014275
SCO-4, Chowk Dukhniwaran Sahib,
Sirhind Road, Patiala (Pb.) INDIA
Super Delicious Menue

